
# Sukhmani Sahib

by Guru Arjan Dev Ji



Distributed by SikhNet.com

ਗਉੜੀ ਸੁਖਮਨੀ ਮ: ੫ ॥

ਸਲੋਕੁ ॥
ੴ ਸਤਿਗੁਰ ਪ੍ਰਸਾਦਿ ॥
ਆਦਿ ਗੁਰਏ ਨਮਹ ॥
ਜੁਗਾਦਿ ਗੁਰਏ ਨਮਹ ॥
ਸਤਿਗੁਰਏ ਨਮਹ ॥
ਸ੍ਰੀ ਗੁਰਦੇਵਏ ਨਮਹ ॥੧॥

ਅਸਟਪਦੀ ॥
ਸਿਮਰਉ ਸਿਮਰਿ ਸਿਮਰਿ ਸੁਖੁ ਪਾਵਉ ॥
ਕਲਿ ਕਲੇਸ ਤਨ ਮਾਹਿ ਮਿਟਾਵਉ ॥
ਸਿਮਰਉ ਜਾਸੁ ਬਿਸੁੰਭਰ ਏਕੈ ॥
ਨਾਮੁ ਜਪਤ ਅਗਨਤ ਅਨੇਕੈ ॥
ਬੇਦ ਪੁਰਾਨ ਸਿੰਮ੍ਰਿਤਿ ਸੁਧਾਖ੍ਯ਼ਰ ॥

ਕੀਨੇ ਰਾਮ ਨਾਮ ਇਕ ਆਖ੍ਰ ॥
ਕਿਨਕਾ ਏਕ ਜਿਸੁ ਜੀਅ ਬਸਾਵੈ ॥
ਤਾ ਕੀ ਮਹਿਮਾ ਗਨੀ ਨ ਆਵੈ ॥
ਕਾਂਖੀ ਏਕੈ ਦਰਸ ਤੁਹਾਰੋ ॥
ਨਾਨਕ ਉਨ ਸੰਗਿ ਮੋਹਿ ਉਧਾਰੋ ॥੧॥
ਸੁਖਮਨੀ ਸੁਖ ਅੰਮ੍ਰਿਤ ਪ੍ਰਭ ਨਾਮੁ ॥
ਭਗਤ ਜਨਾ ਕੈ ਮਨਿ ਬਿਸ੍ਰਾਮ ॥ ਰਹਾਉ ॥
ਪ੍ਰਭ ਕੈ ਸਿਮਰਨਿ ਗਰਭਿ ਨ ਬਸੈ ॥
ਪ੍ਰਭ ਕੈ ਸਿਮਰਨਿ ਦੂਖੁ ਜਮੁ ਨਸੈ ॥
ਪ੍ਰਭ ਕੈ ਸਿਮਰਨਿ ਕਾਲੁ ਪਰਹਰੈ ॥
ਪ੍ਰਭ ਕੈ ਸਿਮਰਨਿ ਦੁਸਮਨੁ ਟਰੈ ॥
ਪ੍ਰਭ ਸਿਮਰਤ ਕਛੁ ਬਿਘਨੁ ਨ ਲਾਗੈ ॥
ਪ੍ਰਭ ਕੈ ਸਿਮਰਨਿ ਅਨਦਿਨੁ ਜਾਗੈ ॥
ਪ੍ਰਭ ਕੈ ਸਿਮਰਨਿ ਭਉ ਨ ਬਿਆਪੈ ॥
ਪ੍ਰਭ ਕੈ ਸਿਮਰਨਿ ਦੁਖੁ ਨ ਸੰਤਾਪੈ ॥

ਪ੍ਰਭ ਕਾ ਸਿਮਰਨੁ ਸਾਧ ਕੈ ਸੰਗਿ ॥
ਸਰਬ ਨਿਧਾਨ ਨਾਨਕ ਹਰਿ ਰੰਗਿ ॥੨॥
ਪ੍ਰਭ ਕੈ ਸਿਮਰਨਿ ਰਿਧਿ ਸਿਧਿ ਨਉ ਨਿਧਿ ॥
ਪ੍ਰਭ ਕੈ ਸਿਮਰਨਿ ਗਿਆਨੁ
ਧਿਆਨੁ ਤਤੁ ਬੁਧਿ ॥
ਪ੍ਰਭ ਕੈ ਸਿਮਰਨਿ ਜਪ ਤਪ ਪੂਜਾ ॥
ਪ੍ਰਭ ਕੈ ਸਿਮਰਨਿ ਬਿਨਸੈ ਦੂਜਾ ॥
ਪ੍ਰਭ ਕੈ ਸਿਮਰਨਿ ਤੀਰਥ ਇਸਨਾਨੀ ॥
ਪ੍ਰਭ ਕੈ ਸਿਮਰਨਿ ਦਰਗਹ ਮਾਨੀ ॥
ਪ੍ਰਭ ਕੈ ਸਿਮਰਨਿ ਹੋਇ ਸੁ ਭਲਾ ॥
ਪ੍ਰਭ ਕੈ ਸਿਮਰਨਿ ਸੁਫਲ ਫਲਾ ॥
ਸੇ ਸਿਮਰਹਿ ਜਿਨ ਆਪਿ ਸਿਮਰਾਏ ॥
ਨਾਨਕ ਤਾ ਕੈ ਲਾਗਉ ਪਾਏ ॥੩॥
ਪ੍ਰਭ ਕਾ ਸਿਮਰਨੁ ਸਭ ਤੇ ਊਚਾ ॥
ਪ੍ਰਭ ਕੈ ਸਿਮਰਨਿ ਉਧਰੇ ਮੂਚਾ ॥

ਪ੍ਰਭ ਕੈ ਸਿਮਰਨਿ ਤ੍ਰਿਸਨਾ ਬੁਝੈ ॥
ਪ੍ਰਭ ਕੈ ਸਿਮਰਨਿ ਸਭੁ ਕਿਛੁ ਸੁਝੈ ॥
ਪ੍ਰਭ ਕੈ ਸਿਮਰਨਿ ਨਾਹੀ ਜਮ ਤ੍ਰਾਸਾ ॥
ਪ੍ਰਭ ਕੈ ਸਿਮਰਨਿ ਪੂਰਨ ਆਸਾ ॥
ਪ੍ਰਭ ਕੈ ਸਿਮਰਨਿ ਮਨ ਕੀ ਮਲੁ ਜਾਇ ॥
ਅੰਮ੍ਰਿਤ ਨਾਮੁ ਰਿਦ ਮਾਹਿ ਸਮਾਇ ॥
ਪ੍ਰਭ ਜੀ ਬਸਹਿ ਸਾਧ ਕੀ ਰਸਨਾ ॥
ਨਾਨਕ ਜਨ ਕਾ ਦਾਸਨਿ ਦਸਨਾ ॥੪॥
ਪ੍ਰਭ ਕਉ ਸਿਮਰਹਿ ਸੇ ਧਨਵੰਤੇ ॥
ਪ੍ਰਭ ਕਉ ਸਿਮਰਹਿ ਸੇ ਪਤਿਵੰਤੇ ॥
ਪ੍ਰਭ ਕਉ ਸਿਮਰਹਿ ਸੇ ਜਨ ਪਰਵਾਨ ॥
ਪ੍ਰਭ ਕਉ ਸਿਮਰਹਿ ਸੇ ਪੁਰਖ ਪ੍ਰਧਾਨ ॥
ਪ੍ਰਭ ਕਉ ਸਿਮਰਹਿ ਸਿ ਬੇਮੁਹਤਾਜੇ ॥
ਪ੍ਰਭ ਕਉ ਸਿਮਰਹਿ ਸਿ ਸਰਬ ਕੇ ਰਾਜੇ ॥
ਪ੍ਰਭ ਕਉ ਸਿਮਰਹਿ ਸੇ ਸੁਖਵਾਸੀ ॥

ਪ੍ਰਭ ਕਉ ਸਿਮਰਹਿ ਸਦਾ ਅਬਿਨਾਸੀ ॥
ਸਿਮਰਨ ਤੇ ਲਾਗੇ ਜਿਨ ਆਪਿ ਦਇਆਲਾ ॥
ਨਾਨਕ ਜਨ ਕੀ ਮੰਗੈ ਰਵਾਲਾ ॥੫॥
ਪ੍ਰਭ ਕਉ ਸਿਮਰਹਿ ਸੇ ਪਰਉਪਕਾਰੀ ॥
ਪ੍ਰਭ ਕਉ ਸਿਮਰਹਿ ਤਿਨ ਸਦ ਬਲਿਹਾਰੀ ॥
ਪ੍ਰਭ ਕਉ ਸਿਮਰਹਿ ਸੇ ਮੁਖ ਸੁਹਾਵੇ ॥
ਪ੍ਰਭ ਕਉ ਸਿਮਰਹਿ ਤਿਨ ਸੂਖਿ ਬਿਹਾਵੈ ॥
ਪ੍ਰਭ ਕਉ ਸਿਮਰਹਿ ਤਿਨ ਆਤਮੁ ਜੀਤਾ ॥
ਪ੍ਰਭ ਕਉ ਸਿਮਰਹਿ ਤਿਨ ਨਿਰਮਲ ਰੀਤਾ ॥
ਪ੍ਰਭ ਕਉ ਸਿਮਰਹਿ ਤਿਨ ਅਨਦ ਘਨੇਰੇ ॥
ਪ੍ਰਭ ਕਉ ਸਿਮਰਹਿ ਬਸਹਿ ਹਰਿ ਨੇਰੇ ॥
ਸੰਤ ਕ੍ਰਿਪਾ ਤੇ ਅਨਦਿਨੁ ਜਾਗਿ ॥
ਨਾਨਕ ਸਿਮਰਨੁ ਪੂਰੈ ਭਾਗਿ ॥੬॥
ਪ੍ਰਭ ਕੈ ਸਿਮਰਨਿ ਕਾਰਜ ਪੂਰੇ ॥
ਪ੍ਰਭ ਕੈ ਸਿਮਰਨਿ ਕਬਹੁ ਨ ਝੂਰੇ ॥

ਪ੍ਰਭ ਕੈ ਸਿਮਰਨਿ ਹਰਿ ਗੁਨ ਬਾਨੀ ॥
ਪ੍ਰਭ ਕੈ ਸਿਮਰਨਿ ਸਹਜਿ ਸਮਾਨੀ ॥
ਪ੍ਰਭ ਕੈ ਸਿਮਰਨਿ ਨਿਹਚਲ ਆਸਨੁ ॥
ਪ੍ਰਭ ਕੈ ਸਿਮਰਨਿ ਕਮਲ ਬਿਗਾਸਨੁ ॥
ਪ੍ਰਭ ਕੈ ਸਿਮਰਨਿ ਅਨਹਦ ਝੁਨਕਾਰ ॥
ਸੁਖੁ ਪ੍ਰਭ ਸਿਮਰਨ ਕਾ ਅੰਤੁ ਨ ਪਾਰ ॥
ਸਿਮਰਹਿ ਸੇ ਜਨ ਜਿਨ ਕਉ ਪ੍ਰਭ ਮਇਆ ॥
ਨਾਨਕ ਤਿਨ ਜਨ ਸਰਨੀ ਪਇਆ ॥੭॥
ਹਰਿ ਸਿਮਰਨੁ ਕਰਿ ਭਗਤ ਪ੍ਰਗਟਾਏ ॥
ਹਰਿ ਸਿਮਰਨਿ ਲਗਿ ਬੇਦ ਉਪਾਏ ॥
ਹਰਿ ਸਿਮਰਨਿ ਭਏ ਸਿਧ ਜਤੀ ਦਾਤੇ ॥
ਹਰਿ ਸਿਮਰਨਿ ਨੀਚ ਚਹੁ ਕੁੰਟ ਜਾਤੇ ॥
ਹਰਿ ਸਿਮਰਨਿ ਧਾਰੀ ਸਭ ਧਰਨਾ ॥
ਸਿਮਰਿ ਸਿਮਰਿ ਹਰਿ ਕਾਰਨ ਕਰਨਾ ॥
ਹਰਿ ਸਿਮਰਨਿ ਕੀਓ ਸਗਲ ਅਕਾਰਾ ॥

ਹਰਿ ਸਿਮਰਨ ਮਹਿ ਆਪਿ ਨਿਰੰਕਾਰਾ ॥
ਕਰਿ ਕਿਰਪਾ ਜਿਸੁ ਆਪਿ ਬੁਝਾਇਆ ॥
ਨਾਨਕ ਗੁਰਮੁਖਿ ਹਰਿ ਸਿਮਰਨੁ ਤਿਨਿ
ਪਾਇਆ ॥੮॥੧॥

ਸਲੋਕੁ ॥
ਦੀਨ ਦਰਦ ਦੁਖ ਭੰਜਨਾ
ਘਟਿ ਘਟਿ ਨਾਥ ਅਨਾਥ ॥
ਸਰਣਿ ਤੁਮ੍ਾਰੀ ਆਇਓ
ਨਾਨਕ ਕੇ ਪ੍ਰਭ ਸਾਥ ॥੧॥

ਅਸਟਪਦੀ ॥
ਜਹ ਮਾਤ ਪਿਤਾ ਸੁਤ ਮੀਤ ਨ ਭਾਈ ॥
ਮਨ ਊਹਾ ਨਾਮੁ ਤੇਰੈ ਸੰਗਿ ਸਹਾਈ ॥

ਜਹ ਮਹਾ ਭਇਆਨ ਦੂਤ ਜਮ ਦਲੈ ॥
ਤਹ ਕੇਵਲ ਨਾਮੁ ਸੰਗਿ ਤੇਰੈ ਚਲੈ ॥
ਜਹ ਮੁਸਕਲ ਹੋਵੈ ਅਤਿ ਭਾਰੀ ॥
ਹਰਿ ਕੋ ਨਾਮੁ ਖਿਨ ਮਾਹਿ ਉਧਾਰੀ ॥
ਅਨਿਕ ਪੁਨਹਚਰਨ ਕਰਤ ਨਹੀ ਤਰੈ ॥
ਹਰਿ ਕੋ ਨਾਮੁ ਕੋਟਿ ਪਾਪ ਪਰਹਰੈ ॥
ਗੁਰਮੁਖਿ ਨਾਮੁ ਜਪਹੁ ਮਨ ਮੇਰੇ ॥
ਨਾਨਕ ਪਾਵਹੁ ਸੂਖ ਘਨੇਰੇ ॥੧॥
ਸਗਲ ਸ੍ਰਿਸਟਿ ਕੋ ਰਾਜਾ ਦੁਖੀਆ ॥
ਹਰਿ ਕਾ ਨਾਮੁ ਜਪਤ ਹੋਇ ਸੁਖੀਆ ॥
ਲਾਖ ਕਰੋਰੀ ਬੰਧੁ ਨ ਪਰੈ ॥
ਹਰਿ ਕਾ ਨਾਮੁ ਜਪਤ ਨਿਸਤਰੈ ॥
ਅਨਿਕ ਮਾਇਆ ਰੰਗ ਤਿਖ ਨ ਬੁਝਾਵੈ ॥
ਹਰਿ ਕਾ ਨਾਮੁ ਜਪਤ ਆਘਾਵੈ ॥
ਜਿਹ ਮਾਰਗਿ ਇਹੁ ਜਾਤ ਇਕੇਲਾ ॥

ਤਹ ਹਰਿ ਨਾਮੁ ਸੰਗਿ ਹੋਤ ਸੁਹੇਲਾ ॥
ਐਸਾ ਨਾਮੁ ਮਨ ਸਦਾ ਧਿਆਈਐ ॥
ਨਾਨਕ ਗੁਰਮੁਖਿ ਪਰਮ ਗਤਿ ਪਾਈਐ ॥੨॥
ਛੂਟਤ ਨਹੀ ਕੋਟਿ ਲਖ ਬਾਹੀ ॥
ਨਾਮੁ ਜਪਤ ਤਹ ਪਾਰਿ ਪਰਾਹੀ ॥
ਅਨਿਕ ਬਿਘਨ ਜਹ ਆਇ ਸੰਘਾਰੈ ॥
ਹਰਿ ਕਾ ਨਾਮੁ ਤਤਕਾਲ ਉਧਾਰੈ ॥
ਅਨਿਕ ਜੋਨਿ ਜਨਮੈ ਮਰਿ ਜਾਮ ॥
ਨਾਮੁ ਜਪਤ ਪਾਵੈ ਬਿਸ੍ਰਾਮ ॥
ਹਉ ਮੈਲਾ ਮਲੁ ਕਬਹੁ ਨ ਧੋਵੈ ॥
ਹਰਿ ਕਾ ਨਾਮੁ ਕੋਟਿ ਪਾਪ ਖੋਵੈ ॥
ਐਸਾ ਨਾਮੁ ਜਪਹੁ ਮਨ ਰੰਗਿ ॥
ਨਾਨਕ ਪਾਈਐ ਸਾਧ ਕੈ ਸੰਗਿ ॥੩॥
ਜਿਹ ਮਾਰਗ ਕੇ ਗਨੇ ਜਾਹਿ ਨ ਕੋਸਾ ॥
ਹਰਿ ਕਾ ਨਾਮੁ ਊਹਾ ਸੰਗਿ ਤੋਸਾ ॥

ਜਿਹ ਪੈਡੈ ਮਹਾ ਅੰਧ ਗੁਬਾਰਾ ॥
ਹਰਿ ਕਾ ਨਾਮੁ ਸੰਗਿ ਉਜੀਆਰਾ ॥
ਜਹਾ ਪੰਥਿ ਤੇਰਾ ਕੋ ਨ ਸਿਞਾਨੂ ॥
ਹਰਿ ਕਾ ਨਾਮੁ ਤਹ ਨਾਲਿ ਪਛਾਨੂ ॥
ਜਹ ਮਹਾ ਭਇਆਨ ਤਪਤਿ ਬਹੁ ਘਾਮ ॥
ਤਹ ਹਰਿ ਕੇ ਨਾਮ ਕੀ ਤੁਮ ਊਪਰਿ ਛਾਮ ॥
ਜਹਾ ਤ੍ਰਿਖਾ ਮਨ ਤੁਝੁ ਆਕਰਖੈ ॥
ਤਹ ਨਾਨਕ ਹਰਿ ਹਰਿ ਅੰਮ੍ਰਿਤੁ ਬਰਖੈ ॥੪॥
ਭਗਤ ਜਨਾ ਕੀ ਬਰਤਨਿ ਨਾਮੁ ॥
ਸੰਤ ਜਨਾ ਕੈ ਮਨਿ ਬਿਸ੍ਰਾਮੁ ॥
ਹਰਿ ਕਾ ਨਾਮੁ ਦਾਸ ਕੀ ਓਟ ॥
ਹਰਿ ਕੈ ਨਾਮਿ ਉਧਰੇ ਜਨ ਕੋਟਿ ॥
ਹਰਿ ਜਸੁ ਕਰਤ ਸੰਤ ਦਿਨੁ ਰਾਤਿ ॥
ਹਰਿ ਹਰਿ ਅਉਖਧੁ ਸਾਧ ਕਮਾਤਿ ॥
ਹਰਿ ਜਨ ਕੈ ਹਰਿ ਨਾਮੁ ਨਿਧਾਨੁ ॥

ਪਾਰਬ੍ਰਹਮਿ ਜਨ ਕੀਨੋ ਦਾਨ ॥
ਮਨ ਤਨ ਰੰਗਿ ਰਤੇ ਰੰਗ ਏਕੈ ॥
ਨਾਨਕ ਜਨ ਕੈ ਬਿਰਤਿ ਬਿਬੇਕੈ ॥੫॥
ਹਰਿ ਕਾ ਨਾਮੁ ਜਨ ਕਉ ਮੁਕਤਿ ਜੁਗਤਿ ॥
ਹਰਿ ਕੈ ਨਾਮਿ ਜਨ ਕਉ ਤ੍ਰਿਪਤਿ ਭੁਗਤਿ ॥
ਹਰਿ ਕਾ ਨਾਮੁ ਜਨ ਕਾ ਰੂਪ ਰੰਗੁ ॥
ਹਰਿ ਨਾਮੁ ਜਪਤ ਕਬ ਪਰੈ ਨ ਭੰਗੁ ॥
ਹਰਿ ਕਾ ਨਾਮੁ ਜਨ ਕੀ ਵਡਿਆਈ ॥
ਹਰਿ ਕੈ ਨਾਮਿ ਜਨ ਸੋਭਾ ਪਾਈ ॥
ਹਰਿ ਕਾ ਨਾਮੁ ਜਨ ਕਉ ਭੋਗ ਜੋਗ ॥
ਹਰਿ ਨਾਮੁ ਜਪਤ ਕਛੁ ਨਾਹਿ ਬਿਓਗੁ ॥
ਜਨੁ ਰਾਤਾ ਹਰਿ ਨਾਮ ਕੀ ਸੇਵਾ ॥
ਨਾਨਕ ਪੂਜੈ ਹਰਿ ਹਰਿ ਦੇਵਾ ॥੬॥
ਹਰਿ ਹਰਿ ਜਨ ਕੈ ਮਾਲੁ ਖਜੀਨਾ ॥
ਹਰਿ ਧਨੁ ਜਨ ਕਉ ਆਪਿ ਪ੍ਰਭਿ ਦੀਨਾ ॥

ਹਰਿ ਹਰਿ ਜਨ ਕੈ ਓਟ ਸਤਾਣੀ ॥
ਹਰਿ ਪ੍ਰਤਾਪਿ ਜਨ ਅਵਰ ਨ ਜਾਣੀ ॥
ਓਤਿ ਪੋਤਿ ਜਨ ਹਰਿ ਰਸਿ ਰਾਤੇ ॥
ਸੁੰਨ ਸਮਾਧਿ ਨਾਮ ਰਸ ਮਾਤੇ ॥
ਆਠ ਪਹਰ ਜਨੁ ਹਰਿ ਹਰਿ ਜਪੈ ॥
ਹਰਿ ਕਾ ਭਗਤੁ ਪ੍ਰਗਟ ਨਹੀ ਛਪੈ ॥
ਹਰਿ ਕੀ ਭਗਤਿ ਮੁਕਤਿ ਬਹੁ ਕਰੇ ॥
ਨਾਨਕ ਜਨ ਸੰਗਿ ਕੇਤੇ ਤਰੇ ॥੭॥
ਪਾਰਜਾਤੁ ਇਹੁ ਹਰਿ ਕੋ ਨਾਮ ॥
ਕਾਮਧੇਨ ਹਰਿ ਹਰਿ ਗੁਣ ਗਾਮ ॥
ਸਭ ਤੇ ਊਤਮ ਹਰਿ ਕੀ ਕਥਾ ॥
ਨਾਮੁ ਸੁਨਤ ਦਰਦ ਦੁਖ ਲਥਾ ॥
ਨਾਮ ਕੀ ਮਹਿਮਾ ਸੰਤ ਰਿਦ ਵਸੈ ॥
ਸੰਤ ਪ੍ਰਤਾਪਿ ਦੁਰਤੁ ਸਭੁ ਨਸੈ ॥
ਸੰਤ ਕਾ ਸੰਗੁ ਵਡਭਾਗੀ ਪਾਈਐ ॥

ਸੰਤ ਕੀ ਸੇਵਾ ਨਾਮੁ ਧਿਆਈਐ ॥
ਨਾਮ ਤੁਲਿ ਕਛੁ ਅਵਰੁ ਨ ਹੋਇ ॥
ਨਾਨਕ ਗੁਰਮੁਖਿ ਨਾਮੁ ਪਾਵੈ ਜਨੁ ਕੋਇ
॥੮॥੨॥

ਸਲੋਕੁ ॥
ਬਹੁ ਸਾਸਤ੍ਰ ਬਹੁ ਸਿਮ੍ਰਿਤੀ
ਪੇਖੇ ਸਰਬ ਢਢੋਲਿ ॥
ਪੂਜਸਿ ਨਾਹੀ ਹਰਿ ਹਰੇ
ਨਾਨਕ ਨਾਮ ਅਮੋਲ ॥੧॥

ਅਸਟਪਦੀ ॥
ਜਾਪ ਤਾਪ ਗਿਆਨ ਸਭਿ ਧਿਆਨ ॥
ਖਟ ਸਾਸਤ੍ਰ ਸਿਮ੍ਰਿਤਿ ਵਖਿਆਨ ॥
ਜੋਗ ਅਭਿਆਸ ਕਰਮ ਧ੍ਰਮ ਕਿਰਿਆ ॥

ਸਗਲ ਤਿਆਗਿ ਬਨ ਮਧੇ ਫਿਰਿਆ ॥
ਅਨਿਕ ਪ੍ਰਕਾਰ ਕੀਏ ਬਹੁ ਜਤਨਾ ॥
ਪੁੰਨ ਦਾਨ ਹੋਮੇ ਬਹੁ ਰਤਨਾ ॥
ਸਰੀਰੁ ਕਟਾਇ ਹੋਮੈ ਕਰਿ ਰਾਤੀ ॥
ਵਰਤ ਨੇਮ ਕਰੈ ਬਹੁ ਭਾਤੀ ॥
ਨਹੀ ਤੁਲਿ ਰਾਮ ਨਾਮ ਬੀਚਾਰ ॥
ਨਾਨਕ ਗੁਰਮੁਖਿ ਨਾਮੁ
ਜਪੀਐ ਇਕ ਬਾਰ ॥੧॥
ਨਉ ਖੰਡ ਪ੍ਰਿਥਮੀ ਫਿਰੈ ਚਿਰੁ ਜੀਵੈ ॥
ਮਹਾ ਉਦਾਸੁ ਤਪੀਸਰੁ ਥੀਵੈ ॥
ਅਗਨਿ ਮਾਹਿ ਹੋਮਤ ਪਰਾਨ ॥
ਕਨਿਕ ਅਸ੍ਵ ਹੈਵਰ ਭੂਮਿ ਦਾਨ ॥
ਨਿਉਲੀ ਕਰਮ ਕਰੈ ਬਹੁ ਆਸਨ ॥
ਜੈਨ ਮਾਰਗ ਸੰਜਮ ਅਤਿ ਸਾਧਨ ॥
ਨਿਮਖ ਨਿਮਖ ਕਰਿ ਸਰੀਰੁ ਕਟਾਵੈ ॥

ਤਉ ਭੀ ਹਉਮੈ ਮੈਲੁ ਨ ਜਾਵੈ ॥
ਹਰਿ ਕੇ ਨਾਮ ਸਮਸਰਿ ਕਛੁ ਨਾਹਿ ॥
ਨਾਨਕ ਗੁਰਮੁਖਿ ਨਾਮੁ ਜਪਤ ਗਤਿ ਪਾਹਿ ॥੨॥
ਮਨ ਕਾਮਨਾ ਤੀਰਥ ਦੇਹ ਛੁਟੈ ॥
ਗਰਬੁ ਗੁਮਾਨੁ ਨ ਮਨ ਤੇ ਹੁਟੈ ॥
ਸੋਚ ਕਰੈ ਦਿਨਸੁ ਅਰੁ ਰਾਤਿ ॥
ਮਨ ਕੀ ਮੈਲੁ ਨ ਤਨ ਤੇ ਜਾਤਿ ॥
ਇਸੁ ਦੇਹੀ ਕਉ ਬਹੁ ਸਾਧਨਾ ਕਰੈ ॥
ਮਨ ਤੇ ਕਬਹੂ ਨ ਬਿਖਿਆ ਟਰੈ ॥
ਜਲਿ ਧੋਵੈ ਬਹੁ ਦੇਹ ਅਨੀਤਿ ॥
ਸੁਧ ਕਹਾ ਹੋਇ ਕਾਚੀ ਭੀਤਿ ॥
ਮਨ ਹਰਿ ਕੇ ਨਾਮ ਕੀ ਮਹਿਮਾ ਊਚ ॥
ਨਾਨਕ ਨਾਮਿ ਉਧਰੇ ਪਤਿਤ ਬਹੁ ਮੂਚ ॥੩॥
ਬਹੁਤੁ ਸਿਆਣਪ ਜਮ ਕਾ ਭਉ ਬਿਆਪੈ ॥
ਅਨਿਕ ਜਤਨ ਕਰਿ ਤ੍ਰਿਸਨ ਨਾ ਧ੍ਰਾਪੈ ॥

ਭੇਖ ਅਨੇਕ ਅਗਨਿ ਨਹੀ ਬੁਝੈ ॥
ਕੋਟਿ ਉਪਾਵ ਦਰਗਹ ਨਹੀ ਸਿਝੈ ॥
ਛੂਟਸਿ ਨਾਹੀ ਊਭ ਪਇਆਲਿ ॥
ਮੋਹਿ ਬਿਆਪਹਿ ਮਾਇਆ ਜਾਲਿ ॥
ਅਵਰ ਕਰਤੂਤਿ ਸਗਲੀ ਜਮੁ ਡਾਨੈ ॥
ਗੋਵਿੰਦ ਭਜਨ ਬਿਨੁ ਤਿਲੁ ਨਹੀ ਮਾਨੈ ॥
ਹਰਿ ਕਾ ਨਾਮੁ ਜਪਤ ਦੁਖੁ ਜਾਇ ॥
ਨਾਨਕ ਬੋਲੈ ਸਹਜਿ ਸੁਭਾਇ ॥੪॥
ਚਾਰਿ ਪਦਾਰਥ ਜੇ ਕੋ ਮਾਗੈ ॥
ਸਾਧ ਜਨਾ ਕੀ ਸੇਵਾ ਲਾਗੈ ॥
ਜੇ ਕੋ ਆਪੁਨਾ ਦੂਖੁ ਮਿਟਾਵੈ ॥
ਹਰਿ ਹਰਿ ਨਾਮੁ ਰਿਦੈ ਸਦ ਗਾਵੈ ॥
ਜੇ ਕੋ ਅਪੁਨੀ ਸੋਭਾ ਲੋਰੈ ॥
ਸਾਧਸੰਗਿ ਇਹ ਹਉਮੈ ਛੋਰੈ ॥
ਜੇ ਕੋ ਜਨਮ ਮਰਣ ਤੇ ਡਰੈ ॥

ਸਾਧ ਜਨਾ ਕੀ ਸਰਨੀ ਪਰੈ ॥
ਜਿਸੁ ਜਨ ਕਉ ਪ੍ਰਭ ਦਰਸ ਪਿਆਸਾ ॥
ਨਾਨਕ ਤਾ ਕੈ ਬਲਿ ਬਲਿ ਜਾਸਾ ॥੫॥
ਸਗਲ ਪੁਰਖ ਮਹਿ ਪੁਰਖੁ ਪ੍ਰਧਾਨੁ ॥
ਸਾਧਸੰਗਿ ਜਾ ਕਾ ਮਿਟੈ ਅਭਿਮਾਨੁ ॥
ਆਪਸ ਕਉ ਜੋ ਜਾਣੈ ਨੀਚਾ ॥
ਸੋਊ ਗਨੀਐ ਸਭ ਤੇ ਊਚਾ ॥
ਜਾ ਕਾ ਮਨੁ ਹੋਇ ਸਗਲ ਕੀ ਰੀਨਾ ॥
ਹਰਿ ਹਰਿ ਨਾਮੁ ਤਿਨਿ ਘਟਿ ਘਟਿ ਚੀਨਾ
॥ਮਨ ਅਪੁਨੇ ਤੇ ਬੁਰਾ ਮਿਟਾਨਾ ॥
ਪੇਖੈ ਸਗਲ ਸ੍ਰਿਸਟਿ ਸਾਜਨਾ ॥
ਸੂਖ ਦੂਖ ਜਨ ਸਮ ਦ੍ਰਿਸਟੇਤਾ ॥
ਨਾਨਕ ਪਾਪ ਪੁੰਨ ਨਹੀ ਲੇਪਾ ॥੬॥
ਨਿਰਧਨ ਕਉ ਧਨੁ ਤੇਰੋ ਨਾਉ ॥
ਨਿਥਾਵੇ ਕਉ ਨਾਉ ਤੇਰਾ ਥਾਉ ॥

ਨਿਮਾਨੇ ਕਉ ਪ੍ਰਭ ਤੇਰੋ ਮਾਨੁ ॥
ਸਗਲ ਘਟਾ ਕਉ ਦੇਵਹੁ ਦਾਨੁ ॥
ਕਰਨ ਕਰਾਵਨਹਾਰ ਸੁਆਮੀ ॥
ਸਗਲ ਘਟਾ ਕੇ ਅੰਤਰਜਾਮੀ ॥
ਅਪਨੀ ਗਤਿ ਮਿਤਿ ਜਾਨਹੁ ਆਪੇ ॥
ਆਪਨ ਸੰਗਿ ਆਪਿ ਪ੍ਰਭ ਰਾਤੇ ॥
ਤੁਮ੍ਹਰੀ ਉਸਤਤਿ ਤੁਮ ਤੇ ਹੋਇ ॥
ਨਾਨਕ ਅਵਰੁ ਨ ਜਾਨਸਿ ਕੋਇ ॥੭॥
ਸਰਬ ਧਰਮ ਮਹਿ ਸ੍ਰੇਸਟ ਧਰਮੁ ॥
ਹਰਿ ਕੋ ਨਾਮੁ ਜਪਿ ਨਿਰਮਲ ਕਰਮੁ ॥
ਸਗਲ ਕ੍ਰਿਆ ਮਹਿ ਊਤਮ ਕਿਰਿਆ ॥
ਸਾਧਸੰਗਿ ਦੁਰਮਤਿ ਮਲੁ ਹਿਰਿਆ ॥
ਸਗਲ ਉਦਮ ਮਹਿ ਉਦਮੁ ਭਲਾ ॥
ਹਰਿ ਕਾ ਨਾਮੁ ਜਪਹੁ ਜੀਅ ਸਦਾ ॥
ਸਗਲ ਬਾਨੀ ਮਹਿ ਅੰਮ੍ਰਿਤ ਬਾਨੀ ॥

ਹਰਿ ਕੋ ਜਸੁ ਸੁਨਿ ਰਸਨ ਬਖਾਨੀ ॥
ਸਗਲ ਥਾਨ ਤੇ ਓਹੁ ਊਤਮ ਥਾਨੁ ॥
ਨਾਨਕ ਜਿਹ ਘਟਿ ਵਸੈ ਹਰਿ ਨਾਮੁ
॥੮॥੩॥

ਸਲੋਕੁ ॥
ਨਿਰਗੁਨੀਆਰ ਇਆਨਿਆ
ਸੋ ਪ੍ਰਭੁ ਸਦਾ ਸਮਾਲਿ ॥
ਜਿਨਿ ਕੀਆ ਤਿਸੁ ਚੀਤਿ ਰਖੁ
ਨਾਨਕ ਨਿਬਹੀ ਨਾਲਿ ॥੧॥

ਅਸਟਪਦੀ ॥
ਰਮਈਆ ਕੇ ਗੁਨ ਚੇਤਿ ਪਰਾਨੀ ॥
ਕਵਨ ਮੂਲ ਤੇ ਕਵਨ ਦ੍ਰਿਸਟਾਨੀ ॥
ਜਿਨਿ ਤੂੰ ਸਾਜਿ ਸਵਾਰਿ ਸੀਗਾਰਿਆ ॥

ਗਰਭ ਅਗਨਿ ਮਹਿ ਜਿਨਹਿ ਉਬਾਰਿਆ ॥
ਬਾਰ ਬਿਵਸਥਾ ਤੁਝਹਿ ਪਿਆਰੈ ਦੂਧ ॥
ਭਰਿ ਜੋਬਨ ਭੋਜਨ ਸੁਖ ਸੂਧ ॥
ਬਿਰਧਿ ਭਇਆ ਊਪਰਿ ਸਾਕ ਸੈਨ ॥
ਮੁਖਿ ਅਪਿਆਉ ਬੈਠ ਕਉ ਦੈਨ ॥
ਇਹੁ ਨਿਰਗੁਨੁ ਗੁਨੁ ਕਛੂ ਨ ਬੂਝੈ ॥
ਬਖਸਿ ਲੇਹੁ ਤਉ ਨਾਨਕ ਸੀਝੈ ॥੧॥
ਜਿਹ ਪ੍ਰਸਾਦਿ ਧਰ ਊਪਰਿ ਸੁਖਿ ਬਸਹਿ ॥
ਸੁਤ ਭ੍ਰਾਤ ਮੀਤ ਬਨਿਤਾ ਸੰਗਿ ਹਸਹਿ ॥
ਜਿਹ ਪ੍ਰਸਾਦਿ ਪੀਵਹਿ ਸੀਤਲ ਜਲਾ ॥
ਸੁਖਦਾਈ ਪਵਨੁ ਪਾਵਕੁ ਅਮੁਲਾ ॥
ਜਿਹ ਪ੍ਰਸਾਦਿ ਭੋਗਹਿ ਸਭਿ ਰਸਾ ॥
ਸਗਲ ਸਮਗ੍ਰੀ ਸੰਗਿ ਸਾਥਿ ਬਸਾ ॥
ਦੀਨੇ ਹਸਤ ਪਾਵ ਕਰਨ ਨੇਤ੍ਰ ਰਸਨਾ ॥
ਤਿਸਹਿ ਤਿਆਗਿ ਅਵਰ ਸੰਗਿ ਰਚਨਾ ॥

ਐਸੇ ਦੋਖ ਮੂੜ ਅੰਧ ਬਿਆਪੇ ॥
ਨਾਨਕ ਕਾਢਿ ਲੇਹੁ ਪ੍ਰਭ ਆਪੇ ॥੨॥
ਆਦਿ ਅੰਤਿ ਜੋ ਰਾਖਨਹਾਰੁ ॥
ਤਿਸ ਸਿਉ ਪ੍ਰੀਤਿ ਨ ਕਰੈ ਗਵਾਰੁ ॥
ਜਾ ਕੀ ਸੇਵਾ ਨਵ ਨਿਧਿ ਪਾਵੈ ॥
ਤਾ ਸਿਉ ਮੂੜਾ ਮਨੁ ਨਹੀ ਲਾਵੈ ॥
ਜੋ ਠਾਕੁਰੁ ਸਦ ਸਦਾ ਹਜੂਰੇ ॥
ਤਾ ਕਉ ਅੰਧਾ ਜਾਨਤ ਦੂਰੇ ॥
ਜਾ ਕੀ ਟਹਲ ਪਾਵੈ ਦਰਗਹ ਮਾਨੁ ॥
ਤਿਸਹਿ ਬਿਸਾਰੈ ਮੁਗਧੁ ਅਜਾਨੁ ॥
ਸਦਾ ਸਦਾ ਇਹੁ ਭੂਲਨਹਾਰੁ ॥
ਨਾਨਕ ਰਾਖਨਹਾਰੁ ਅਪਾਰੁ ॥੩॥
ਰਤਨੁ ਤਿਆਗਿ ਕਉਡੀ ਸੰਗਿ ਰਚੈ ॥
ਸਾਚੁ ਛੋਡਿ ਝੂਠ ਸੰਗਿ ਮਚੈ ॥
ਜੋ ਛਡਨਾ ਸੁ ਅਸਥਿਰੁ ਕਰਿ ਮਾਨੈ ॥

ਜੋ ਹੋਵਨੁ ਸੋ ਦੂਰਿ ਪਰਾਨੈ ॥
ਛੋਡਿ ਜਾਇ ਤਿਸ ਕਾ ਸ੍ਰਮੁ ਕਰੈ ॥
ਸੰਗਿ ਸਹਾਈ ਤਿਸੁ ਪਰਹਰੈ ॥
ਚੰਦਨ ਲੇਪੁ ਉਤਾਰੈ ਧੋਇ ॥
ਗਰਧਬ ਪ੍ਰੀਤਿ ਭਸਮ ਸੰਗਿ ਹੋਇ ॥
ਅੰਧ ਕੂਪ ਮਹਿ ਪਤਿਤ ਬਿਕਰਾਲ ॥
ਨਾਨਕ ਕਾਢਿ ਲੇਹੁ ਪ੍ਰਭ ਦਇਆਲ ॥੪॥
ਕਰਤੂਤਿ ਪਸੂ ਕੀ ਮਾਨਸ ਜਾਤਿ ॥
ਲੋਕ ਪਚਾਰਾ ਕਰੈ ਦਿਨੁ ਰਾਤਿ ॥
ਬਾਹਰਿ ਭੇਖ ਅੰਤਰਿ ਮਲੁ ਮਾਇਆ ॥
ਛਪਸਿ ਨਾਹਿ ਕਛੁ ਕਰੈ ਛਪਾਇਆ ॥
ਬਾਹਰਿ ਗਿਆਨ ਧਿਆਨ ਇਸਨਾਨ ॥
ਅੰਤਰਿ ਬਿਆਪੈ ਲੋਭੁ ਸੁਆਨੁ ॥
ਅੰਤਰਿ ਅਗਨਿ ਬਾਹਰਿ ਤਨੁ ਸੁਆਹ ॥
ਗਲਿ ਪਾਥਰ ਕੈਸੇ ਤਰੈ ਅਥਾਹ ॥

ਜਾ ਕੈ ਅੰਤਰਿ ਬਸੈ ਪ੍ਰਭੁ ਆਪਿ ॥
ਨਾਨਕ ਤੇ ਜਨ ਸਹਜਿ ਸਮਾਤਿ ॥੫॥
ਸੁਨਿ ਅੰਧਾ ਕੈਸੇ ਮਾਰਗੁ ਪਾਵੈ ॥
ਕਰੁ ਗਹਿ ਲੇਹੁ ਓੜਿ ਨਿਬਹਾਵੈ ॥
ਕਹਾ ਬੁਝਾਰਤਿ ਬੂਝੈ ਡੋਰਾ ॥
ਨਿਸਿ ਕਹੀਐ ਤਉ ਸਮਝੈ ਭੋਰਾ ॥
ਕਹਾ ਬਿਸਨਪਦ ਗਾਵੈ ਗੁੰਗ ॥
ਜਤਨ ਕਰੈ ਤਉ ਭੀ ਸੁਰ ਭੰਗ ॥
ਕਹ ਪਿੰਗੁਲ ਪਰਬਤ ਪਰ ਭਵਨ ॥
ਨਹੀ ਹੋਤ ਊਹਾ ਉਸੁ ਗਵਨ ॥
ਕਰਤਾਰ ਕਰੁਣਾ ਮੈ ਦੀਨੁ ਬੇਨਤੀ ਕਰੈ ॥
ਨਾਨਕ ਤੁਮਰੀ ਕਿਰਪਾ ਤਰੈ ॥੬॥
ਸੰਗਿ ਸਹਾਈ ਸੁ ਆਵੈ ਨ ਚੀਤਿ ॥
ਜੋ ਬੈਰਾਈ ਤਾ ਸਿਉ ਪ੍ਰੀਤਿ ॥
ਬਲੂਆ ਕੇ ਗ੍ਰਿਹ ਭੀਤਰਿ ਬਸੈ ॥

ਅਨਦ ਕੇਲ ਮਾਇਆ ਰੰਗਿ ਰਸੈ ॥
ਦ੍ਰਿੜੁ ਕਰਿ ਮਾਨੈ ਮਨਹਿ ਪ੍ਰਤੀਤਿ ॥
ਕਾਲੁ ਨ ਆਵੈ ਮੂੜੇ ਚੀਤਿ ॥
ਬੈਰ ਬਿਰੋਧ ਕਾਮ ਕ੍ਰੋਧ ਮੋਹ ॥
ਝੂਠ ਬਿਕਾਰ ਮਹਾ ਲੋਭ ਧ੍ਰੋਹ ॥
ਇਆਹੂ ਜੁਗਤਿ ਬਿਹਾਨੇ ਕਈ ਜਨਮ ॥
ਨਾਨਕ ਰਾਖਿ ਲੇਹੁ ਆਪਨ ਕਰਿ ਕਰਮ ॥੭॥
ਤੂ ਠਾਕੁਰੁ ਤੁਮ ਪਹਿ ਅਰਦਾਸਿ ॥
ਜੀਉ ਪਿੰਡੁ ਸਭੁ ਤੇਰੀ ਰਾਸਿ ॥
ਤੁਮ ਮਾਤ ਪਿਤਾ ਹਮ ਬਾਰਿਕ ਤੇਰੇ ॥
ਤੁਮਰੀ ਕ੍ਰਿਪਾ ਮਹਿ ਸੂਖ ਘਨੇਰੇ ॥
ਕੋਇ ਨ ਜਾਨੈ ਤੁਮਰਾ ਅੰਤੁ ॥
ਊਚੇ ਤੇ ਊਚਾ ਭਗਵੰਤ ॥
ਸਗਲ ਸਮਗ੍ਰੀ ਤੁਮਰੈ ਸੂਤ੍ਰਿ ਧਾਰੀ ॥
ਤੁਮ ਤੇ ਹੋਇ ਸੁ ਆਗਿਆਕਾਰੀ ॥

ਤੁਮਰੀ ਗਤਿ ਮਿਤਿ ਤੁਮ ਹੀ ਜਾਨੀ ॥
ਨਾਨਕ ਦਾਸ ਸਦਾ ਕੁਰਬਾਨੀ ॥੮॥੪॥

ਸਲੋਕੁ ॥
ਦੇਨਹਾਰੁ ਪ੍ਰਭ ਛੋਡਿ ਕੈ
ਲਾਗਹਿ ਆਨ ਸੁਆਇ ॥
ਨਾਨਕ ਕਹੂ ਨ ਸੀਝਈ
ਬਿਨੁ ਨਾਵੈ ਪਤਿ ਜਾਇ ॥੧॥

ਅਸਟਪਦੀ ॥
ਦਸ ਬਸਤੂ ਲੇ ਪਾਛੈ ਪਾਵੈ ॥
ਏਕ ਬਸਤੁ ਕਾਰਨਿ ਬਿਖੋਟਿ ਗਵਾਵੈ ॥
ਏਕ ਭੀ ਨ ਦੇਇ ਦਸ ਭੀ ਹਿਰਿ ਲੇਇ ॥
ਤਉ ਮੂੜਾ ਕਹੁ ਕਹਾ ਕਰੇਇ ॥
ਜਿਸੁ ਠਾਕੁਰ ਸਿਉ ਨਾਹੀ ਚਾਰਾ ॥

ਤਾ ਕਉ ਕੀਜੈ ਸਦ ਨਮਸਕਾਰਾ ॥
ਜਾ ਕੈ ਮਨਿ ਲਾਗਾ ਪ੍ਰਭੁ ਮੀਠਾ ॥
ਸਰਬ ਸੂਖ ਤਾਹੂ ਮਨਿ ਵੂਠਾ ॥
ਜਿਸੁ ਜਨ ਅਪਨਾ ਹੁਕਮੁ ਮਨਾਇਆ ॥
ਸਰਬ ਥੋਕ ਨਾਨਕ ਤਿਨਿ ਪਾਇਆ ॥੧॥
ਅਗਨਤ ਸਾਹੁ ਅਪਨੀ ਦੇ ਰਾਸਿ ॥
ਖਾਤ ਪੀਤ ਬਰਤੈ ਅਨਦ ਉਲਾਸਿ ॥
ਅਪੁਨੀ ਅਮਾਨ ਕਛੁ ਬਹੁਰਿ ਸਾਹੁ ਲੇਇ ॥
ਅਗਿਆਨੀ ਮਨਿ ਰੋਸੁ ਕਰੇਇ ॥
ਅਪਨੀ ਪਰਤੀਤਿ ਆਪ ਹੀ ਖੋਵੈ ॥
ਬਹੁਰਿ ਉਸ ਕਾ ਬਿਸ੍ਵਾਸੁ ਨ ਹੋਵੈ ॥
ਜਿਸ ਕੀ ਬਸਤੁ ਤਿਸੁ ਆਗੈ ਰਾਖੈ ॥
ਪ੍ਰਭ ਕੀ ਆਗਿਆ ਮਾਨੈ ਮਾਥੈ ॥
ਉਸ ਤੇ ਚਉਗੁਨ ਕਰੈ ਨਿਹਾਲੁ ॥
ਨਾਨਕ ਸਾਹਿਬੁ ਸਦਾ ਦਇਆਲੁ ॥੨॥

ਅਨਿਕ ਭਾਤਿ ਮਾਇਆ ਕੇ ਹੇਤ ॥
ਸਰਪਰ ਹੋਵਤ ਜਾਨੁ ਅਨੇਤ ॥
ਬਿਰਖ ਕੀ ਛਾਇਆ ਸਿਉ ਰੰਗੁ ਲਾਵੈ ॥
ਓਹ ਬਿਨਸੈ ਉਹੁ ਮਨਿ ਪਛੁਤਾਵੈ ॥
ਜੋ ਦੀਸੈ ਸੋ ਚਾਲਨਹਾਰੁ ॥
ਲਪਟਿ ਰਹਿਓ ਤਹ ਅੰਧ ਅੰਧਾਰੁ ॥
ਬਟਾਊ ਸਿਉ ਜੋ ਲਾਵੈ ਨੇਹ ॥
ਤਾ ਕਉ ਹਾਥਿ ਨ ਆਵੈ ਕੇਹ ॥
ਮਨ ਹਰਿ ਕੇ ਨਾਮ ਕੀ ਪ੍ਰੀਤਿ ਸੁਖਦਾਈ ॥
ਕਰਿ ਕਿਰਪਾ ਨਾਨਕ ਆਪਿ ਲਏ ਲਾਈ ॥੩॥
ਮਿਥਿਆ ਤਨੁ ਧਨੁ ਕੁਟੰਬੁ ਸਬਾਇਆ ॥
ਮਿਥਿਆ ਹਉਮੈ ਮਮਤਾ ਮਾਇਆ ॥
ਮਿਥਿਆ ਰਾਜ ਜੋਬਨ ਧਨ ਮਾਲ ॥
ਮਿਥਿਆ ਕਾਮ ਕ੍ਰੋਧ ਬਿਕਰਾਲ ॥
ਮਿਥਿਆ ਰਥ ਹਸਤੀ ਅਸ੍ਵ ਬਸਤ੍ਰਾ ॥

ਮਿਥਿਆ ਰੰਗ ਸੰਗਿ ਮਾਇਆ ਪੇਖਿ ਹਸਤਾ ॥
ਮਿਥਿਆ ਧ੍ਰੋਹ ਮੋਹ ਅਭਿਮਾਨੁ ॥
ਮਿਥਿਆ ਆਪਸ ਊਪਰਿ ਕਰਤ ਗੁਮਾਨੁ ॥
ਅਸਥਿਰੁ ਭਗਤਿ ਸਾਧ ਕੀ ਸਰਨ ॥
ਨਾਨਕ ਜਪਿ ਜਪਿ ਜੀਵੈ ਹਰਿ ਕੇ ਚਰਨ ॥੪॥
ਮਿਥਿਆ ਸ੍ਰਵਨ ਪਰ ਨਿੰਦਾ ਸੁਨਹਿ ॥
ਮਿਥਿਆ ਹਸਤ ਪਰ ਦਰਬ ਕਉ ਹਿਰਹਿ ॥
ਮਿਥਿਆ ਨੇਤ੍ਰ ਪੇਖਤ ਪਰ ਤ੍ਰਿਅ ਰੂਪਾਦ ॥
ਮਿਥਿਆ ਰਸਨਾ ਭੋਜਨ ਅਨ ਸ੍ਵਾਦ ॥
ਮਿਥਿਆ ਚਰਨ ਪਰ ਬਿਕਾਰ ਕਉ ਧਾਵਹਿ ॥
ਮਿਥਿਆ ਮਨ ਪਰ ਲੋਭ ਲੁਭਾਵਹਿ ॥
ਮਿਥਿਆ ਤਨ ਨਹੀ ਪਰਉਪਕਾਰਾ ॥
ਮਿਥਿਆ ਬਾਸੁ ਲੇਤ ਬਿਕਾਰਾ ॥
ਬਿਨੁ ਬੂਝੇ ਮਿਥਿਆ ਸਭ ਭਏ ॥
ਸਫਲ ਦੇਹ ਨਾਨਕ ਹਰਿ ਹਰਿ ਨਾਮ ਲਏ ॥੫॥

ਬਿਰਥੀ ਸਾਕਤ ਕੀ ਆਰਜਾ ॥
ਸਾਚ ਬਿਨਾ ਕਹ ਹੋਵਤ ਸੂਚਾ ॥
ਬਿਰਥਾ ਨਾਮ ਬਿਨਾ ਤਨੁ ਅੰਧ ॥
ਮੁਖਿ ਆਵਤ ਤਾ ਕੈ ਦੁਰਗੰਧ ॥
ਬਿਨੁ ਸਿਮਰਨ ਦਿਨੁ ਰੈਨਿ ਬ੍ਰਿਥਾ ਬਿਹਾਇ ॥
ਮੇਘ ਬਿਨਾ ਜਿਉ ਖੇਤੀ ਜਾਇ ॥
ਗੋਬਿਦ ਭਜਨ ਬਿਨੁ ਬ੍ਰਿਥੇ ਸਭ ਕਾਮ ॥
ਜਿਉ ਕਿਰਪਨ ਕੇ ਨਿਰਾਰਥ ਦਾਮ ॥
ਧੰਨਿ ਧੰਨਿ ਤੇ ਜਨ ਜਿਹ
ਘਟਿ ਬਸਿਓ ਹਰਿ ਨਾਉ ॥
ਨਾਨਕ ਤਾ ਕੈ ਬਲਿ ਬਲਿ ਜਾਉ ॥੬॥
ਰਹਤ ਅਵਰ ਕਛੁ ਅਵਰ ਕਮਾਵਤ ॥
ਮਨਿ ਨਹੀ ਪ੍ਰੀਤਿ ਮੁਖਹੁ ਗੰਢ ਲਾਵਤ ॥
ਜਾਨਨਹਾਰ ਪ੍ਰਭੂ ਪਰਬੀਨ ॥
ਬਾਹਰਿ ਭੇਖ ਨ ਕਾਹੂ ਭੀਨ ॥

ਅਵਰ ਉਪਦੇਸੈ ਆਪਿ ਨ ਕਰੈ ॥
ਆਵਤ ਜਾਵਤ ਜਨਮੈ ਮਰੈ ॥
ਜਿਸ ਕੈ ਅੰਤਰਿ ਬਸੈ ਨਿਰੰਕਾਰੁ ॥
ਤਿਸ ਕੀ ਸੀਖ ਤਰੈ ਸੰਸਾਰੁ ॥
ਜੋ ਤੁਮ ਭਾਨੇ ਤਿਨ ਪ੍ਰਭੁ ਜਾਤਾ ॥
ਨਾਨਕ ਉਨ ਜਨ ਚਰਨ ਪਰਾਤਾ ॥੭॥
ਕਰਉ ਬੇਨਤੀ ਪਾਰਬ੍ਰਹਮੁ ਸਭੁ ਜਾਨੈ ॥
ਅਪਨਾ ਕੀਆ ਆਪਹਿ ਮਾਨੈ ॥
ਆਪਹਿ ਆਪ ਆਪਿ ਕਰਤ ਨਿਬੇਰਾ ॥
ਕਿਸੈ ਦੂਰਿ ਜਨਾਵਤ ਕਿਸੈ ਬੁਝਾਵਤ ਨੇਰਾ ॥
ਉਪਾਵ ਸਿਆਨਪ ਸਗਲ ਤੇ ਰਹਤ ॥
ਸਭੁ ਕਛੁ ਜਾਨੈ ਆਤਮ ਕੀ ਰਹਤ ॥
ਜਿਸੁ ਭਾਵੈ ਤਿਸੁ ਲਏ ਲੜਿ ਲਾਇ ॥
ਥਾਨ ਥਨੰਤਰਿ ਰਹਿਆ ਸਮਾਇ ॥
ਸੋ ਸੇਵਕੁ ਜਿਸੁ ਕਿਰਪਾ ਕਰੀ ॥

ਨਿਮਖ ਨਿਮਖ ਜਪਿ ਨਾਨਕ ਹਰੀ ॥੮॥੫॥

ਸਲੋਕੁ ॥

ਕਾਮ ਕ੍ਰੋਧ ਅਰੁ ਲੋਭ ਮੋਹ

ਬਿਨਸਿ ਜਾਇ ਅਹੰਮੇਵ ॥

ਨਾਨਕ ਪ੍ਰਭ ਸਰਣਾਗਤੀ

ਕਰਿ ਪ੍ਰਸਾਦੁ ਗੁਰਦੇਵ ॥੧॥

ਅਸਟਪਦੀ ॥

ਜਿਹ ਪ੍ਰਸਾਦਿ ਛਤੀਹ ਅੰਮ੍ਰਿਤ ਖਾਹਿ ॥

ਤਿਸੁ ਠਾਕੁਰ ਕਉ ਰਖੁ ਮਨ ਮਾਹਿ ॥

ਜਿਹ ਪ੍ਰਸਾਦਿ ਸੁਗੰਧਤ ਤਨਿ ਲਾਵਹਿ ॥

ਤਿਸ ਕਉ ਸਿਮਰਤ ਪਰਮ ਗਤਿ ਪਾਵਹਿ ॥

ਜਿਹ ਪ੍ਰਸਾਦਿ ਬਸਹਿ ਸੁਖ ਮੰਦਰਿ ॥

ਤਿਸਹਿ ਧਿਆਇ ਸਦਾ ਮਨ ਅੰਦਰਿ ॥

ਜਿਹ ਪ੍ਰਸਾਦਿ ਗ੍ਰਿਹ ਸੰਗਿ ਸੁਖ ਬਸਨਾ ॥
ਆਠ ਪਹਰ ਸਿਮਰਹੁ ਤਿਸੁ ਰਸਨਾ ॥
ਜਿਹ ਪ੍ਰਸਾਦਿ ਰੰਗ ਰਸ ਭੋਗ ॥
ਨਾਨਕ ਸਦਾ ਧਿਆਈਐ ਧਿਆਵਨ ਜੋਗ ॥੧॥
ਜਿਹ ਪ੍ਰਸਾਦਿ ਪਾਟ ਪਟੰਬਰ ਹਢਾਵਹਿ ॥
ਤਿਸਹਿ ਤਿਆਗਿ ਕਤ ਅਵਰ ਲੁਭਾਵਹਿ ॥
ਜਿਹ ਪ੍ਰਸਾਦਿ ਸੁਖਿ ਸੇਜ ਸੋਈਜੈ ॥
ਮਨ ਆਠ ਪਹਰ ਤਾ ਕਾ ਜਸੁ ਗਾਵੀਜੈ ॥
ਜਿਹ ਪ੍ਰਸਾਦਿ ਤੁਝੁ ਸਭੁ ਕੋਊ ਮਾਨੈ ॥
ਮੁਖਿ ਤਾ ਕੋ ਜਸੁ ਰਸਨ ਬਖਾਨੈ ॥
ਜਿਹ ਪ੍ਰਸਾਦਿ ਤੇਰੋ ਰਹਤਾ ਧਰਮੁ ॥
ਮਨ ਸਦਾ ਧਿਆਇ ਕੇਵਲ ਪਾਰਬ੍ਰਹਮੁ ॥
ਪ੍ਰਭ ਜੀ ਜਪਤ ਦਰਗਹ ਮਾਨੁ ਪਾਵਹਿ ॥
ਨਾਨਕ ਪਤਿ ਸੇਤੀ ਘਰਿ ਜਾਵਹਿ ॥੨॥
ਜਿਹ ਪ੍ਰਸਾਦਿ ਆਰੋਗ ਕੰਚਨ ਦੇਹੀ ॥

ਲਿਵ ਲਾਵਹੁ ਤਿਸੁ ਰਾਮ ਸਨੇਹੀ ॥
ਜਿਹ ਪ੍ਰਸਾਦਿ ਤੇਰਾ ਓਲਾ ਰਹਤ ॥
ਮਨ ਸੁਖੁ ਪਾਵਹਿ ਹਰਿ ਹਰਿ ਜਸੁ ਕਹਤ ॥
ਜਿਹ ਪ੍ਰਸਾਦਿ ਤੇਰੇ ਸਗਲ ਛਿਦ੍ਰ ਢਾਕੇ ॥
ਮਨ ਸਰਨੀ ਪਰੁ ਠਾਕੁਰ ਪ੍ਰਭ ਤਾ ਕੈ ॥
ਜਿਹ ਪ੍ਰਸਾਦਿ ਤੁਝੁ ਕੋ ਨ ਪਹੂਚੈ ॥
ਮਨ ਸਾਸਿ ਸਾਸਿ ਸਿਮਰਹੁ ਪ੍ਰਭ ਊਚੇ ॥
ਜਿਹ ਪ੍ਰਸਾਦਿ ਪਾਈ ਦ੍ਰੁਲਭ ਦੇਹ ॥
ਨਾਨਕ ਤਾ ਕੀ ਭਗਤਿ ਕਰੇਹ ॥੩॥
ਜਿਹ ਪ੍ਰਸਾਦਿ ਆਭੂਖਨ ਪਹਿਰੀਜੈ ॥
ਮਨ ਤਿਸੁ ਸਿਮਰਤ ਕਿਉ ਆਲਸੁ ਕੀਜੈ ॥
ਜਿਹ ਪ੍ਰਸਾਦਿ ਅਸ੍ਵ ਹਸਤਿ ਅਸਵਾਰੀ ॥
ਮਨ ਤਿਸੁ ਪ੍ਰਭ ਕਉ ਕਬਹੂ ਨ ਬਿਸਾਰੀ ॥
ਜਿਹ ਪ੍ਰਸਾਦਿ ਬਾਗ ਮਿਲਖ ਧਨਾ ॥
ਰਾਖੁ ਪਰੋਇ ਪ੍ਰਭੁ ਅਪੁਨੇ ਮਨਾ ॥

ਜਿਨਿ ਤੇਰੀ ਮਨ ਬਨਤ ਬਨਾਈ ॥
ਊਠਤ ਬੈਠਤ ਸਦ ਤਿਸਹਿ ਧਿਆਈ ॥
ਤਿਸਹਿ ਧਿਆਇ ਜੋ ਏਕ ਅਲਖੈ ॥
ਈਹਾ ਊਹਾ ਨਾਨਕ ਤੇਰੀ ਰਖੈ ॥੪॥
ਜਿਹ ਪ੍ਰਸਾਦਿ ਕਰਹਿ ਪੁੰਨ ਬਹੁ ਦਾਨ ॥
ਮਨ ਆਠ ਪਹਰ ਕਰਿ ਤਿਸ ਕਾ ਧਿਆਨ ॥
ਜਿਹ ਪ੍ਰਸਾਦਿ ਤੂ ਆਚਾਰ ਬਿਊਹਾਰੀ ॥
ਤਿਸੁ ਪ੍ਰਭ ਕਉ ਸਾਸਿ ਸਾਸਿ ਚਿਤਾਰੀ ॥
ਜਿਹ ਪ੍ਰਸਾਦਿ ਤੇਰਾ ਸੁੰਦਰ ਰੂਪੁ ॥
ਸੋ ਪ੍ਰਭੁ ਸਿਮਰਹੁ ਸਦਾ ਅਨੂਪੁ ॥
ਜਿਹ ਪ੍ਰਸਾਦਿ ਤੇਰੀ ਨੀਕੀ ਜਾਤਿ ॥
ਸੋ ਪ੍ਰਭੁ ਸਿਮਰਿ ਸਦਾ ਦਿਨ ਰਾਤਿ ॥
ਜਿਹ ਪ੍ਰਸਾਦਿ ਤੇਰੀ ਪਤਿ ਰਹੈ ॥
ਗੁਰ ਪ੍ਰਸਾਦਿ ਨਾਨਕ ਜਸੁ ਕਹੈ ॥੫॥
ਜਿਹ ਪ੍ਰਸਾਦਿ ਸੁਨਹਿ ਕਰਨ ਨਾਦ ॥

ਜਿਹ ਪ੍ਰਸਾਦਿ ਪੇਖਹਿ ਬਿਸਮਾਦ ॥
ਜਿਹ ਪ੍ਰਸਾਦਿ ਬੋਲਹਿ ਅੰਮ੍ਰਿਤ ਰਸਨਾ ॥
ਜਿਹ ਪ੍ਰਸਾਦਿ ਸੁਖਿ ਸਹਜੇ ਬਸਨਾ ॥
ਜਿਹ ਪ੍ਰਸਾਦਿ ਹਸਤ ਕਰ ਚਲਹਿ ॥
ਜਿਹ ਪ੍ਰਸਾਦਿ ਸੰਪੂਰਨ ਫਲਹਿ ॥
ਜਿਹ ਪ੍ਰਸਾਦਿ ਪਰਮ ਗਤਿ ਪਾਵਹਿ ॥
ਜਿਹ ਪ੍ਰਸਾਦਿ ਸੁਖਿ ਸਹਜਿ ਸਮਾਵਹਿ ॥
ਐਸਾ ਪ੍ਰਭੁ ਤਿਆਗਿ ਅਵਰ ਕਤ ਲਾਗਹੁ ॥
ਗੁਰ ਪ੍ਰਸਾਦਿ ਨਾਨਕ ਮਨਿ ਜਾਗਹੁ ॥੬॥
ਜਿਹ ਪ੍ਰਸਾਦਿ ਤੂੰ ਪ੍ਰਗਟੁ ਸੰਸਾਰਿ ॥
ਤਿਸੁ ਪ੍ਰਭ ਕਉ ਮੂਲਿ ਨ ਮਨਹੁ ਬਿਸਾਰਿ ॥
ਜਿਹ ਪ੍ਰਸਾਦਿ ਤੇਰਾ ਪਰਤਾਪੁ ॥
ਰੇ ਮਨ ਮੂੜ ਤੂ ਤਾ ਕਉ ਜਾਪੁ ॥
ਜਿਹ ਪ੍ਰਸਾਦਿ ਤੇਰੇ ਕਾਰਜ ਪੂਰੇ ॥
ਤਿਸਹਿ ਜਾਨੁ ਮਨ ਸਦਾ ਹਜੂਰੇ ॥

ਜਿਹ ਪ੍ਰਸਾਦਿ ਤੂੰ ਪਾਵਹਿ ਸਾਚੁ ॥
ਰੇ ਮਨ ਮੇਰੇ ਤੂੰ ਤਾ ਸਿਉ ਰਾਚੁ ॥
ਜਿਹ ਪ੍ਰਸਾਦਿ ਸਭ ਕੀ ਗਤਿ ਹੋਇ ॥
ਨਾਨਕ ਜਾਪੁ ਜਪੈ ਜਪੁ ਸੋਇ ॥੭॥
ਆਪਿ ਜਪਾਏ ਜਪੈ ਸੋ ਨਾਉ ॥
ਆਪਿ ਗਾਵਾਏ ਸੁ ਹਰਿ ਗੁਨ ਗਾਉ ॥
ਪ੍ਰਭ ਕਿਰਪਾ ਤੇ ਹੋਇ ਪ੍ਰਗਾਸੁ ॥
ਪ੍ਰਭੂ ਦਇਆ ਤੇ ਕਮਲ ਬਿਗਾਸੁ ॥
ਪ੍ਰਭ ਸੁਪ੍ਰਸੰਨ ਬਸੈ ਮਨਿ ਸੋਇ ॥
ਪ੍ਰਭ ਦਇਆ ਤੇ ਮਤਿ ਊਤਮ ਹੋਇ ॥
ਸਰਬ ਨਿਧਾਨ ਪ੍ਰਭ ਤੇਰੀ ਮਇਆ ॥
ਆਪਹੁ ਕਛੂ ਨ ਕਿਨਹੂ ਲਇਆ ॥
ਜਿਤੁ ਜਿਤੁ ਲਾਵਹੁ ਤਿਤੁ ਲਗਹਿ ਹਰਿ ਨਾਥ ॥
ਨਾਨਕ ਇਨ ਕੈ ਕਛੂ ਨ ਹਾਥ ॥੮॥੬॥

ਸਲੋਕੁ ॥
ਅਗਮ ਅਗਾਧਿ ਪਾਰਬ੍ਰਹਮੁ ਸੋਇ ॥
ਜੋ ਜੋ ਕਹੈ ਸੁ ਮੁਕਤਾ ਹੋਇ ॥
ਸੁਨਿ ਮੀਤਾ ਨਾਨਕੁ ਬਿਨਵੰਤਾ ॥
ਸਾਧ ਜਨਾ ਕੀ ਅਚਰਜ ਕਥਾ ॥੧॥

ਅਸਟਪਦੀ ॥
ਸਾਧ ਕੈ ਸੰਗਿ ਮੁਖ ਊਜਲ ਹੋਤ ॥
ਸਾਧਸੰਗਿ ਮਲੁ ਸਗਲੀ ਖੋਤ ॥
ਸਾਧ ਕੈ ਸੰਗਿ ਮਿਟੈ ਅਭਿਮਾਨੁ ॥
ਸਾਧ ਕੈ ਸੰਗਿ ਪ੍ਰਗਟੈ ਸੁਗਿਆਨੁ ॥
ਸਾਧ ਕੈ ਸੰਗਿ ਬੁਝੈ ਪ੍ਰਭੁ ਨੇਰਾ ॥
ਸਾਧਸੰਗਿ ਸਭੁ ਹੋਤ ਨਿਬੇਰਾ ॥
ਸਾਧ ਕੈ ਸੰਗਿ ਪਾਏ ਨਾਮ ਰਤਨੁ ॥
ਸਾਧ ਕੈ ਸੰਗਿ ਏਕ ਊਪਰਿ ਜਤਨੁ ॥

ਸਾਧ ਕੀ ਮਹਿਮਾ ਬਰਨੈ ਕਉਨੁ ਪ੍ਰਾਨੀ ॥
ਨਾਨਕ ਸਾਧ ਕੀ ਸੋਭਾ ਪ੍ਰਭ ਮਾਹਿ ਸਮਾਨੀ ॥੧॥
ਸਾਧ ਕੈ ਸੰਗਿ ਅਗੋਚਰੁ ਮਿਲੈ ॥
ਸਾਧ ਕੈ ਸੰਗਿ ਸਦਾ ਪਰਫੁਲੈ ॥
ਸਾਧ ਕੈ ਸੰਗਿ ਆਵਹਿ ਬਸਿ ਪੰਚਾ ॥
ਸਾਧਸੰਗਿ ਅੰਮ੍ਰਿਤ ਰਸੁ ਭੁੰਚਾ ॥
ਸਾਧਸੰਗਿ ਹੋਇ ਸਭ ਕੀ ਰੇਨ ॥
ਸਾਧ ਕੈ ਸੰਗਿ ਮਨੋਹਰ ਬੈਨ ॥
ਸਾਧ ਕੈ ਸੰਗਿ ਨ ਕਤਹੂੰ ਧਾਵੈ ॥
ਸਾਧਸੰਗਿ ਅਸਥਿਤਿ ਮਨੁ ਪਾਵੈ ॥
ਸਾਧ ਕੈ ਸੰਗਿ ਮਾਇਆ ਤੇ ਭਿੰਨ ॥
ਸਾਧਸੰਗਿ ਨਾਨਕ ਪ੍ਰਭ ਸੁਪ੍ਰਸੰਨ ॥੨॥
ਸਾਧਸੰਗਿ ਦੁਸਮਨ ਸਭਿ ਮੀਤ ॥
ਸਾਧੂ ਕੈ ਸੰਗਿ ਮਹਾ ਪੁਨੀਤ ॥
ਸਾਧਸੰਗਿ ਕਿਸ ਸਿਉ ਨਹੀ ਬੈਰੁ ॥

ਸਾਧ ਕੈ ਸੰਗਿ ਨ ਬੀਗਾ ਪੈਰੁ ॥
ਸਾਧ ਕੈ ਸੰਗਿ ਨਾਹੀ ਕੋ ਮੰਦਾ ॥
ਸਾਧਸੰਗਿ ਜਾਨੇ ਪਰਮਾਨੰਦਾ ॥
ਸਾਧ ਕੈ ਸੰਗਿ ਨਾਹੀ ਹਉ ਤਾਪੁ ॥
ਸਾਧ ਕੈ ਸੰਗਿ ਤਜੈ ਸਭੁ ਆਪੁ ॥
ਆਪੇ ਜਾਨੈ ਸਾਧ ਬਡਾਈ ॥
ਨਾਨਕ ਸਾਧ ਪ੍ਰਭੂ ਬਨਿ ਆਈ ॥੩॥
ਸਾਧ ਕੈ ਸੰਗਿ ਨ ਕਬਹੂ ਧਾਵੈ ॥
ਸਾਧ ਕੈ ਸੰਗਿ ਸਦਾ ਸੁਖੁ ਪਾਵੈ ॥
ਸਾਧਸੰਗਿ ਬਸਤੁ ਅਗੋਚਰ ਲਹੈ ॥
ਸਾਧੂ ਕੈ ਸੰਗਿ ਅਜਰੁ ਸਹੈ ॥
ਸਾਧ ਕੈ ਸੰਗਿ ਬਸੈ ਥਾਨਿ ਊਚੈ ॥
ਸਾਧੂ ਕੈ ਸੰਗਿ ਮਹਲਿ ਪਹੂਚੈ ॥
ਸਾਧ ਕੈ ਸੰਗਿ ਦ੍ਰਿੜੈ ਸਭਿ ਧਰਮ ॥
ਸਾਧ ਕੈ ਸੰਗਿ ਕੇਵਲ ਪਾਰਬ੍ਰਹਮ ॥

ਸਾਧ ਕੈ ਸੰਗਿ ਪਾਏ ਨਾਮ ਨਿਧਾਨ ॥
ਨਾਨਕ ਸਾਧੂ ਕੈ ਕੁਰਬਾਨ ॥੪॥
ਸਾਧ ਕੈ ਸੰਗਿ ਸਭ ਕੁਲ ਉਧਾਰੈ ॥
ਸਾਧਸੰਗਿ ਸਾਜਨ ਮੀਤ ਕੁਟੰਬ ਨਿਸਤਾਰੈ ॥
ਸਾਧੂ ਕੈ ਸੰਗਿ ਸੋ ਧਨੁ ਪਾਵੈ ॥
ਜਿਸੁ ਧਨ ਤੇ ਸਭੁ ਕੋ ਵਰਸਾਵੈ ॥
ਸਾਧਸੰਗਿ ਧਰਮ ਰਾਇ ਕਰੇ ਸੇਵਾ ॥
ਸਾਧ ਕੈ ਸੰਗਿ ਸੋਭਾ ਸੁਰਦੇਵਾ ॥
ਸਾਧੂ ਕੈ ਸੰਗਿ ਪਾਪ ਪਲਾਇਨ ॥
ਸਾਧਸੰਗਿ ਅੰਮ੍ਰਿਤ ਗੁਨ ਗਾਇਨ ॥
ਸਾਧ ਕੈ ਸੰਗਿ ਸ੍ਰਬ ਥਾਨ ਗੰਮਿ ॥
ਨਾਨਕ ਸਾਧ ਕੈ ਸੰਗਿ ਸਫਲ ਜਨੰਮ ॥੫॥
ਸਾਧ ਕੈ ਸੰਗਿ ਨਹੀ ਕਛੁ ਘਾਲ ॥
ਦਰਸਨੁ ਭੇਟਤ ਹੋਤ ਨਿਹਾਲ ॥
ਸਾਧ ਕੈ ਸੰਗਿ ਕਲੂਖਤ ਹਰੈ ॥

ਸਾਧ ਕੈ ਸੰਗਿ ਨਰਕ ਪਰਹਰੈ ॥
ਸਾਧ ਕੈ ਸੰਗਿ ਈਹਾ ਊਹਾ ਸੁਹੇਲਾ ॥
ਸਾਧਸੰਗਿ ਬਿਛੁਰਤ ਹਰਿ ਮੇਲਾ ॥
ਜੋ ਇਛੈ ਸੋਈ ਫਲੁ ਪਾਵੈ ॥
ਸਾਧ ਕੈ ਸੰਗਿ ਨ ਬਿਰਥਾ ਜਾਵੈ ॥
ਪਾਰਬ੍ਰਹਮੁ ਸਾਧ ਰਿਦ ਬਸੈ ॥
ਨਾਨਕ ਉਧਰੈ ਸਾਧ ਸੁਨਿ ਰਸੈ ॥੬॥
ਸਾਧ ਕੈ ਸੰਗਿ ਸੁਨਉ ਹਰਿ ਨਾਉ ॥
ਸਾਧਸੰਗਿ ਹਰਿ ਕੇ ਗੁਨ ਗਾਉ ॥
ਸਾਧ ਕੈ ਸੰਗਿ ਨ ਮਨ ਤੇ ਬਿਸਰੈ ॥
ਸਾਧਸੰਗਿ ਸਰਪਰ ਨਿਸਤਰੈ ॥
ਸਾਧ ਕੈ ਸੰਗਿ ਲਗੈ ਪ੍ਰਭੁ ਮੀਠਾ ॥
ਸਾਧੂ ਕੈ ਸੰਗਿ ਘਟਿ ਘਟਿ ਡੀਠਾ ॥
ਸਾਧਸੰਗਿ ਭਏ ਆਗਿਆਕਾਰੀ ॥
ਸਾਧਸੰਗਿ ਗਤਿ ਭਈ ਹਮਾਰੀ ॥

ਸਾਧ ਕੈ ਸੰਗਿ ਮਿਟੇ ਸਭਿ ਰੋਗ ॥
ਨਾਨਕ ਸਾਧ ਭੇਟੇ ਸੰਜੋਗ ॥੭॥
ਸਾਧ ਕੀ ਮਹਿਮਾ ਬੇਦ ਨ ਜਾਨਹਿ ॥
ਜੇਤਾ ਸੁਨਹਿ ਤੇਤਾ ਬਖਿਆਨਹਿ ॥
ਸਾਧ ਕੀ ਉਪਮਾ ਤਿਹੁ ਗੁਣ ਤੇ ਦੂਰਿ ॥
ਸਾਧ ਕੀ ਉਪਮਾ ਰਹੀ ਭਰਪੂਰਿ ॥
ਸਾਧ ਕੀ ਸੋਭਾ ਕਾ ਨਾਹੀ ਅੰਤ ॥
ਸਾਧ ਕੀ ਸੋਭਾ ਸਦਾ ਬੇਅੰਤ ॥
ਸਾਧ ਕੀ ਸੋਭਾ ਊਚ ਤੇ ਊਚੀ ॥
ਸਾਧ ਕੀ ਸੋਭਾ ਮੂਚ ਤੇ ਮੂਚੀ ॥
ਸਾਧ ਕੀ ਸੋਭਾ ਸਾਧ ਬਨਿ ਆਈ ॥
ਨਾਨਕ ਸਾਧ ਪ੍ਰਭ ਭੇਦੁ ਨ ਭਾਈ ॥੮॥੭॥

ਸਲੋਕੁ ॥
ਮਨਿ ਸਾਚਾ ਮੁਖਿ ਸਾਚਾ ਸੋਇ ॥
ਅਵਰੁ ਨ ਪੇਖੈ ਏਕਸੁ ਬਿਨੁ ਕੋਇ ॥
ਨਾਨਕ ਇਹ ਲਛਣ ਬ੍ਰਹਮ ਗਿਆਨੀ ਹੋਇ ॥੧॥

ਅਸਟਪਦੀ ॥
ਬ੍ਰਹਮ ਗਿਆਨੀ ਸਦਾ ਨਿਰਲੇਪ ॥
ਜੈਸੇ ਜਲ ਮਹਿ ਕਮਲ ਅਲੇਪ ॥
ਬ੍ਰਹਮ ਗਿਆਨੀ ਸਦਾ ਨਿਰਦੋਖ ॥
ਜੈਸੇ ਸੂਰੁ ਸਰਬ ਕਉ ਸੋਖ ॥
ਬ੍ਰਹਮ ਗਿਆਨੀ ਕੈ ਦ੍ਰਿਸਟਿ ਸਮਾਨਿ ॥
ਜੈਸੇ ਰਾਜ ਰੰਕ ਕਉ ਲਾਗੈ ਤੁਲਿ ਪਵਾਨ ॥
ਬ੍ਰਹਮ ਗਿਆਨੀ ਕੈ ਧੀਰਜੁ ਏਕ ॥
ਜਿਉ ਬਸੁਧਾ ਕੋਊ ਖੋਦੈ ਕੋਊ ਚੰਦਨ ਲੇਪ ॥

ਬ੍ਰਹਮ ਗਿਆਨੀ ਕਾ ਇਹੈ ਗੁਨਾਉ ॥
ਨਾਨਕ ਜਿਉ ਪਾਵਕ ਕਾ ਸਹਜ ਸੁਭਾਉ ॥੧॥
ਬ੍ਰਹਮ ਗਿਆਨੀ ਨਿਰਮਲ ਤੇ ਨਿਰਮਲਾ ॥
ਜੈਸੇ ਮੈਲੁ ਨ ਲਾਗੈ ਜਲਾ ॥
ਬ੍ਰਹਮ ਗਿਆਨੀ ਕੈ ਮਨਿ ਹੋਇ ਪ੍ਰਗਾਸੁ ॥
ਜੈਸੇ ਧਰ ਊਪਰਿ ਆਕਾਸੁ ॥
ਬ੍ਰਹਮ ਗਿਆਨੀ ਕੈ ਮਿਤ੍ਰ ਸਤ੍ਰੁ ਸਮਾਨਿ ॥
ਬ੍ਰਹਮ ਗਿਆਨੀ ਕੈ ਨਾਹੀ ਅਭਿਮਾਨ ॥
ਬ੍ਰਹਮ ਗਿਆਨੀ ਊਚ ਤੇ ਊਚਾ ॥
ਮਨਿ ਅਪਨੈ ਹੈ ਸਭ ਤੇ ਨੀਚਾ ॥
ਬ੍ਰਹਮ ਗਿਆਨੀ ਸੇ ਜਨ ਭਏ ॥
ਨਾਨਕ ਜਿਨ ਪ੍ਰਭੁ ਆਪਿ ਕਰੇਇ ॥੨॥
ਬ੍ਰਹਮ ਗਿਆਨੀ ਸਗਲ ਕੀ ਰੀਨਾ ॥
ਆਤਮ ਰਸੁ ਬ੍ਰਹਮ ਗਿਆਨੀ ਚੀਨਾ ॥
ਬ੍ਰਹਮ ਗਿਆਨੀ ਕੀ ਸਭ ਊਪਰਿ ਮਇਆ ॥

ਬ੍ਰਹਮ ਗਿਆਨੀ ਤੇ ਕਛੁ ਬੁਰਾ ਨ ਭਇਆ ॥
ਬ੍ਰਹਮ ਗਿਆਨੀ ਸਦਾ ਸਮਦਰਸੀ ॥
ਬ੍ਰਹਮ ਗਿਆਨੀ ਕੀ ਦ੍ਰਿਸਟਿ ਅੰਮ੍ਰਿਤੁ ਬਰਸੀ ॥
ਬ੍ਰਹਮ ਗਿਆਨੀ ਬੰਧਨ ਤੇ ਮੁਕਤਾ ॥
ਬ੍ਰਹਮ ਗਿਆਨੀ ਕੀ ਨਿਰਮਲ ਜੁਗਤਾ ॥
ਬ੍ਰਹਮ ਗਿਆਨੀ ਕਾ ਭੋਜਨੁ ਗਿਆਨ ॥
ਨਾਨਕ ਬ੍ਰਹਮ ਗਿਆਨੀ ਕਾ ਬ੍ਰਹਮ ਧਿਆਨੁ ॥੩॥
ਬ੍ਰਹਮ ਗਿਆਨੀ ਏਕ ਊਪਰਿ ਆਸ ॥
ਬ੍ਰਹਮ ਗਿਆਨੀ ਕਾ ਨਹੀ ਬਿਨਾਸ ॥
ਬ੍ਰਹਮ ਗਿਆਨੀ ਕੈ ਗਰੀਬੀ ਸਮਾਹਾ ॥
ਬ੍ਰਹਮ ਗਿਆਨੀ ਪਰਉਪਕਾਰ ਉਮਾਹਾ ॥
ਬ੍ਰਹਮ ਗਿਆਨੀ ਕੈ ਨਾਹੀ ਧੰਧਾ ॥
ਬ੍ਰਹਮ ਗਿਆਨੀ ਲੇ ਧਾਵਤੁ ਬੰਧਾ ॥
ਬ੍ਰਹਮ ਗਿਆਨੀ ਕੈ ਹੋਇ ਸੁ ਭਲਾ ॥
ਬ੍ਰਹਮ ਗਿਆਨੀ ਸੁਫਲ ਫਲਾ ॥

ਬ੍ਰਹਮ ਗਿਆਨੀ ਸੰਗਿ ਸਗਲ ਉਧਾਰੁ ॥
ਨਾਨਕ ਬ੍ਰਹਮ ਗਿਆਨੀ ਜਪੈ ਸਗਲ ਸੰਸਾਰੁ ॥੪॥
ਬ੍ਰਹਮ ਗਿਆਨੀ ਕੈ ਏਕੈ ਰੰਗ ॥
ਬ੍ਰਹਮ ਗਿਆਨੀ ਕੈ ਬਸੈ ਪ੍ਰਭੁ ਸੰਗ ॥
ਬ੍ਰਹਮ ਗਿਆਨੀ ਕੈ ਨਾਮੁ ਆਧਾਰੁ ॥
ਬ੍ਰਹਮ ਗਿਆਨੀ ਕੈ ਨਾਮੁ ਪਰਵਾਰੁ ॥
ਬ੍ਰਹਮ ਗਿਆਨੀ ਸਦਾ ਸਦ ਜਾਗਤ ॥
ਬ੍ਰਹਮ ਗਿਆਨੀ ਅਹੰਬੁਧਿ ਤਿਆਗਤ ॥
ਬ੍ਰਹਮ ਗਿਆਨੀ ਕੈ ਮਨਿ ਪਰਮਾਨੰਦ ॥
ਬ੍ਰਹਮ ਗਿਆਨੀ ਕੈ ਘਰਿ ਸਦਾ ਅਨੰਦ ॥
ਬ੍ਰਹਮ ਗਿਆਨੀ ਸੁਖ ਸਹਜ ਨਿਵਾਸ ॥
ਨਾਨਕ ਬ੍ਰਹਮ ਗਿਆਨੀ ਕਾ ਨਹੀ ਬਿਨਾਸ ॥੫॥
ਬ੍ਰਹਮ ਗਿਆਨੀ ਬ੍ਰਹਮ ਕਾ ਬੇਤਾ ॥
ਬ੍ਰਹਮ ਗਿਆਨੀ ਏਕ ਸੰਗਿ ਹੇਤਾ ॥
ਬ੍ਰਹਮ ਗਿਆਨੀ ਕੈ ਹੋਇ ਅਚਿੰਤ ॥

ਬ੍ਰਹਮ ਗਿਆਨੀ ਕਾ ਨਿਰਮਲ ਮੰਤ ॥
ਬ੍ਰਹਮ ਗਿਆਨੀ ਜਿਸੁ ਕਰੈ ਪ੍ਰਭੁ ਆਪਿ ॥
ਬ੍ਰਹਮ ਗਿਆਨੀ ਕਾ ਬਡ ਪਰਤਾਪ ॥
ਬ੍ਰਹਮ ਗਿਆਨੀ ਕਾ
ਦਰਸੁ ਬਡਭਾਗੀ ਪਾਈਐ ॥
ਬ੍ਰਹਮ ਗਿਆਨੀ ਕਉ ਬਲਿ ਬਲਿ ਜਾਈਐ ॥
ਬ੍ਰਹਮ ਗਿਆਨੀ ਕਉ ਖੋਜਹਿ ਮਹੇਸੁਰ ॥
ਨਾਨਕ ਬ੍ਰਹਮ ਗਿਆਨੀ ਆਪਿ ਪਰਮੇਸੁਰ ॥੬॥
ਬ੍ਰਹਮ ਗਿਆਨੀ ਕੀ ਕੀਮਤਿ ਨਾਹਿ ॥
ਬ੍ਰਹਮ ਗਿਆਨੀ ਕੈ ਸਗਲ ਮਨ ਮਾਹਿ ॥
ਬ੍ਰਹਮ ਗਿਆਨੀ ਕਾ ਕਉਨ ਜਾਨੈ ਭੇਦੁ ॥
ਬ੍ਰਹਮ ਗਿਆਨੀ ਕਉ ਸਦਾ ਅਦੇਸੁ ॥
ਬ੍ਰਹਮ ਗਿਆਨੀ ਕਾ ਕਥਿਆ ਨ
ਜਾਇ ਅਧਾਖ੍ਯ਼ਰੁ ॥
ਬ੍ਰਹਮ ਗਿਆਨੀ ਸਰਬ ਕਾ ਠਾਕੁਰੁ ॥

ਬ੍ਰਹਮ ਗਿਆਨੀ ਕੀ ਮਿਤਿ ਕਉਨੁ ਬਖਾਨੈ ॥
ਬ੍ਰਹਮ ਗਿਆਨੀ ਕੀ ਗਤਿ
ਬ੍ਰਹਮ ਗਿਆਨੀ ਜਾਨੈ ॥
ਬ੍ਰਹਮ ਗਿਆਨੀ ਕਾ ਅੰਤੁ ਨ ਪਾਰੁ ॥
ਨਾਨਕ ਬ੍ਰਹਮ ਗਿਆਨੀ ਕਉ
ਸਦਾ ਨਮਸਕਾਰੁ ॥੭॥
ਬ੍ਰਹਮ ਗਿਆਨੀ ਸਭ ਸ੍ਰਿਸਟਿ ਕਾ ਕਰਤਾ ॥
ਬ੍ਰਹਮ ਗਿਆਨੀ ਸਦ ਜੀਵੈ ਨਹੀ ਮਰਤਾ ॥
ਬ੍ਰਹਮ ਗਿਆਨੀ ਮੁਕਤਿ ਜੁਗਤਿ
ਜੀਅ ਕਾ ਦਾਤਾ ॥
ਬ੍ਰਹਮ ਗਿਆਨੀ ਪੂਰਨ ਪੁਰਖੁ ਬਿਧਾਤਾ ॥
ਬ੍ਰਹਮ ਗਿਆਨੀ ਅਨਾਥ ਕਾ ਨਾਥੁ ॥
ਬ੍ਰਹਮ ਗਿਆਨੀ ਕਾ ਸਭ ਊਪਰਿ ਹਾਥੁ ॥
ਬ੍ਰਹਮ ਗਿਆਨੀ ਕਾ ਸਗਲ ਅਕਾਰੁ ॥
ਬ੍ਰਹਮ ਗਿਆਨੀ ਆਪਿ ਨਿਰੰਕਾਰੁ ॥

ਬ੍ਰਹਮ ਗਿਆਨੀ ਕੀ ਸੋਭਾ
ਬ੍ਰਹਮ ਗਿਆਨੀ ਬਨੀ ॥
ਨਾਨਕ ਬ੍ਰਹਮ ਗਿਆਨੀ ਸਰਬ ਕਾ ਧਨੀ
॥੮॥੮॥

ਸਲੋਕੁ ॥
ਉਰਿ ਧਾਰੈ ਜੋ ਅੰਤਰਿ ਨਾਮੁ ॥
ਸਰਬ ਮੈ ਪੇਖੈ ਭਗਵਾਨੁ ॥
ਨਿਮਖ ਨਿਮਖ ਠਾਕੁਰ ਨਮਸਕਾਰੈ ॥
ਨਾਨਕ ਓਹੁ ਅਪਰਸੁ ਸਗਲ ਨਿਸਤਾਰੈ
॥੧॥

ਅਸਟਪਦੀ ॥
ਮਿਥਿਆ ਨਾਹੀ ਰਸਨਾ ਪਰਸ ॥
ਮਨ ਮਹਿ ਪ੍ਰੀਤਿ ਨਿਰੰਜਨ ਦਰਸ ॥

ਪਰ ਤ੍ਰਿਅ ਰੂਪੁ ਨ ਪੇਖੈ ਨੇਤ੍ਰ ॥
ਸਾਧ ਕੀ ਟਹਲ ਸੰਤਸੰਗਿ ਹੇਤ ॥
ਕਰਨ ਨ ਸੁਨੈ ਕਾਹੂ ਕੀ ਨਿੰਦਾ ॥
ਸਭ ਤੇ ਜਾਨੈ ਆਪਸ ਕਉ ਮੰਦਾ ॥
ਗੁਰ ਪ੍ਰਸਾਦਿ ਬਿਖਿਆ ਪਰਹਰੈ ॥
ਮਨ ਕੀ ਬਾਸਨਾ ਮਨ ਤੇ ਟਰੈ ॥
ਇੰਦ੍ਰੀ ਜਿਤ ਪੰਚ ਦੋਖ ਤੇ ਰਹਤ ॥
ਨਾਨਕ ਕੋਟਿ ਮਧੇ ਕੋ ਐਸਾ ਅਪਰਸ ॥੧॥
ਬੈਸਨੋ ਸੋ ਜਿਸੁ ਊਪਰਿ ਸੁਪ੍ਰਸੰਨ ॥
ਬਿਸਨ ਕੀ ਮਾਇਆ ਤੇ ਹੋਇ ਭਿੰਨ ॥
ਕਰਮ ਕਰਤ ਹੋਵੈ ਨਿਹਕਰਮ ॥
ਤਿਸੁ ਬੈਸਨੋ ਕਾ ਨਿਰਮਲ ਧਰਮ ॥
ਕਾਹੂ ਫਲ ਕੀ ਇਛਾ ਨਹੀ ਬਾਛੈ ॥
ਕੇਵਲ ਭਗਤਿ ਕੀਰਤਨ ਸੰਗਿ ਰਾਚੈ ॥
ਮਨ ਤਨ ਅੰਤਰਿ ਸਿਮਰਨ ਗੋਪਾਲ ॥

ਸਭ ਊਪਰਿ ਹੋਵਤ ਕਿਰਪਾਲ ॥
ਆਪਿ ਦ੍ਰਿੜੈ ਅਵਰਹ ਨਾਮੁ ਜਪਾਵੈ ॥
ਨਾਨਕ ਓਹੁ ਬੈਸਨੋ ਪਰਮ ਗਤਿ ਪਾਵੈ ॥੨॥
ਭਗਉਤੀ ਭਗਵੰਤ ਭਗਤਿ ਕਾ ਰੰਗੁ ॥
ਸਗਲ ਤਿਆਗੈ ਦੁਸਟ ਕਾ ਸੰਗੁ ॥
ਮਨ ਤੇ ਬਿਨਸੈ ਸਗਲਾ ਭਰਮੁ ॥
ਕਰਿ ਪੂਜੈ ਸਗਲ ਪਾਰਬ੍ਰਹਮੁ ॥
ਸਾਧਸੰਗਿ ਪਾਪਾ ਮਲੁ ਖੋਵੈ ॥
ਤਿਸੁ ਭਗਉਤੀ ਕੀ ਮਤਿ ਊਤਮ ਹੋਵੈ ॥
ਭਗਵੰਤ ਕੀ ਟਹਲ ਕਰੈ ਨਿਤ ਨੀਤਿ ॥
ਮਨੁ ਤਨੁ ਅਰਪੈ ਬਿਸਨ ਪਰੀਤਿ ॥
ਹਰਿ ਕੇ ਚਰਨ ਹਿਰਦੈ ਬਸਾਵੈ ॥
ਨਾਨਕ ਐਸਾ ਭਗਉਤੀ ਭਗਵੰਤ ਕਉ ਪਾਵੈ ॥੩॥
ਸੋ ਪੰਡਿਤੁ ਜੋ ਮਨੁ ਪਰਬੋਧੈ ॥
ਰਾਮ ਨਾਮੁ ਆਤਮ ਮਹਿ ਸੋਧੈ ॥

ਰਾਮ ਨਾਮ ਸਾਰੁ ਰਸੁ ਪੀਵੈ ॥
ਉਸੁ ਪੰਡਿਤ ਕੈ ਉਪਦੇਸਿ ਜਗੁ ਜੀਵੈ ॥
ਹਰਿ ਕੀ ਕਥਾ ਹਿਰਦੈ ਬਸਾਵੈ ॥
ਸੋ ਪੰਡਿਤੁ ਫਿਰਿ ਜੋਨਿ ਨ ਆਵੈ ॥
ਬੇਦ ਪੁਰਾਨ ਸਿਮ੍ਰਿਤਿ ਬੂਝੈ ਮੂਲ ॥
ਸੂਖਮ ਮਹਿ ਜਾਨੈ ਅਸਥੂਲੁ ॥
ਚਹੁ ਵਰਨਾ ਕਉ ਦੇ ਉਪਦੇਸੁ ॥
ਨਾਨਕ ਉਸੁ ਪੰਡਿਤ ਕਉ ਸਦਾ ਅਦੇਸੁ ॥੪॥
ਬੀਜ ਮੰਤ੍ਰੁ ਸਰਬ ਕੋ ਗਿਆਨੁ ॥
ਚਹੁ ਵਰਨਾ ਮਹਿ ਜਪੈ ਕੋਊ ਨਾਮੁ ॥
ਜੋ ਜੋ ਜਪੈ ਤਿਸ ਕੀ ਗਤਿ ਹੋਇ ॥
ਸਾਧਸੰਗਿ ਪਾਵੈ ਜਨੁ ਕੋਇ ॥
ਕਰਿ ਕਿਰਪਾ ਅੰਤਰਿ ਉਰ ਧਾਰੈ ॥
ਪਸੁ ਪ੍ਰੇਤ ਮੁਘਦ ਪਾਥਰ ਕਉ ਤਾਰੈ ॥
ਸਰਬ ਰੋਗ ਕਾ ਅਉਖਦੁ ਨਾਮੁ ॥

ਕਲਿਆਣ ਰੂਪ ਮੰਗਲ ਗੁਣ ਗਾਮ ॥
ਕਾਹੂ ਜੁਗਤਿ ਕਿਤੈ ਨ ਪਾਈਐ ਧਰਮਿ ॥
ਨਾਨਕ ਤਿਸੁ ਮਿਲੈ
ਜਿਸੁ ਲਿਖਿਆ ਧੁਰਿ ਕਰਮਿ ॥੫॥
ਜਿਸ ਕੈ ਮਨਿ ਪਾਰਬ੍ਰਹਮ ਕਾ ਨਿਵਾਸੁ ॥
ਤਿਸ ਕਾ ਨਾਮੁ ਸਤਿ ਰਾਮਦਾਸੁ ॥
ਆਤਮ ਰਾਮੁ ਤਿਸੁ ਨਦਰੀ ਆਇਆ ॥
ਦਾਸ ਦਸੰਤਣ ਭਾਇ ਤਿਨਿ ਪਾਇਆ ॥
ਸਦਾ ਨਿਕਟਿ ਨਿਕਟਿ ਹਰਿ ਜਾਨੁ ॥
ਸੋ ਦਾਸੁ ਦਰਗਹ ਪਰਵਾਨੁ ॥
ਅਪੁਨੇ ਦਾਸ ਕਉ ਆਪਿ ਕਿਰਪਾ ਕਰੈ ॥
ਤਿਸੁ ਦਾਸ ਕਉ ਸਭ ਸੋਝੀ ਪਰੈ ॥
ਸਗਲ ਸੰਗਿ ਆਤਮ ਉਦਾਸੁ ॥
ਐਸੀ ਜੁਗਤਿ ਨਾਨਕ ਰਾਮਦਾਸੁ ॥੬॥
ਪ੍ਰਭ ਕੀ ਆਗਿਆ ਆਤਮ ਹਿਤਾਵੈ ॥

ਜੀਵਨ ਮੁਕਤਿ ਸੋਊ ਕਹਾਵੈ ॥
ਤੈਸਾ ਹਰਖੁ ਤੈਸਾ ਉਸੁ ਸੋਗੁ ॥
ਸਦਾ ਅਨੰਦੁ ਤਹ ਨਹੀ ਬਿਓਗੁ ॥
ਤੈਸਾ ਸੁਵਰਨੁ ਤੈਸੀ ਉਸੁ ਮਾਟੀ ॥
ਤੈਸਾ ਅੰਮ੍ਰਿਤੁ ਤੈਸੀ ਬਿਖੁ ਖਾਟੀ ॥
ਤੈਸਾ ਮਾਨੁ ਤੈਸਾ ਅਭਿਮਾਨੁ ॥
ਤੈਸਾ ਰੰਕੁ ਤੈਸਾ ਰਾਜਾਨੁ ॥
ਜੋ ਵਰਤਾਏ ਸਾਈ ਜੁਗਤਿ ॥
ਨਾਨਕ ਓਹੁ ਪੁਰਖੁ ਕਹੀਐ ਜੀਵਨ ਮੁਕਤਿ ॥੭॥
ਪਾਰਬ੍ਰਹਮ ਕੇ ਸਗਲੇ ਠਾਉ ॥
ਜਿਤੁ ਜਿਤੁ ਘਰਿ ਰਾਖੈ ਤੈਸਾ ਤਿਨ ਨਾਉ ॥
ਆਪੇ ਕਰਨ ਕਰਾਵਨ ਜੋਗੁ ॥
ਪ੍ਰਭ ਭਾਵੈ ਸੋਈ ਫੁਨਿ ਹੋਗੁ ॥
ਪਸਰਿਓ ਆਪਿ ਹੋਇ ਅਨਤ ਤਰੰਗ ॥
ਲਖੇ ਨ ਜਾਹਿ ਪਾਰਬ੍ਰਹਮ ਕੇ ਰੰਗ ॥

ਜੈਸੀ ਮਤਿ ਦੇਇ ਤੈਸਾ ਪਰਗਾਸ ॥
ਪਾਰਬ੍ਰਹਮੁ ਕਰਤਾ ਅਬਿਨਾਸ ॥
ਸਦਾ ਸਦਾ ਸਦਾ ਦਇਆਲ ॥
ਸਿਮਰਿ ਸਿਮਰਿ ਨਾਨਕ ਭਏ ਨਿਹਾਲ
॥੮॥੯॥

ਸਲੋਕੁ ॥
ਉਸਤਤਿ ਕਰਹਿ ਅਨੇਕ ਜਨ
ਅੰਤੁ ਨ ਪਾਰਾਵਾਰ ॥
ਨਾਨਕ ਰਚਨਾ ਪ੍ਰਭਿ ਰਚੀ
ਬਹੁ ਬਿਧਿ ਅਨਿਕ ਪ੍ਰਕਾਰ ॥੧॥

ਅਸਟਪਦੀ ॥
ਕਈ ਕੋਟਿ ਹੋਏ ਪੂਜਾਰੀ ॥
ਕਈ ਕੋਟਿ ਆਚਾਰ ਬਿਉਹਾਰੀ ॥

ਕਈ ਕੋਟਿ ਭਏ ਤੀਰਥ ਵਾਸੀ ॥
ਕਈ ਕੋਟਿ ਬਨ ਭ੍ਰਮਹਿ ਉਦਾਸੀ ॥
ਕਈ ਕੋਟਿ ਬੇਦ ਕੇ ਸ੍ਰੋਤੇ ॥
ਕਈ ਕੋਟਿ ਤਪੀਸੁਰ ਹੋਤੇ ॥
ਕਈ ਕੋਟਿ ਆਤਮ ਧਿਆਨੁ ਧਾਰਹਿ ॥
ਕਈ ਕੋਟਿ ਕਬਿ ਕਾਬਿ ਬੀਚਾਰਹਿ ॥
ਕਈ ਕੋਟਿ ਨਵਤਨ ਨਾਮ ਧਿਆਵਹਿ ॥
ਨਾਨਕ ਕਰਤੇ ਕਾ ਅੰਤੁ ਨ ਪਾਵਹਿ ॥੧॥
ਕਈ ਕੋਟਿ ਭਏ ਅਭਿਮਾਨੀ ॥
ਕਈ ਕੋਟਿ ਅੰਧ ਅਗਿਆਨੀ ॥
ਕਈ ਕੋਟਿ ਕਿਰਪਨ ਕਠੋਰ ॥
ਕਈ ਕੋਟਿ ਅਭਿਗ ਆਤਮ ਨਿਕੋਰ ॥
ਕਈ ਕੋਟਿ ਪਰ ਦਰਬ ਕਉ ਹਿਰਹਿ ॥
ਕਈ ਕੋਟਿ ਪਰ ਦੂਖਨਾ ਕਰਹਿ ॥
ਕਈ ਕੋਟਿ ਮਾਇਆ ਸ੍ਰਮ ਮਾਹਿ ॥

ਕਈ ਕੋਟਿ ਪਰਦੇਸ ਭ੍ਰਮਾਹਿ ॥
ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਨਾ ॥
ਨਾਨਕ ਕਰਤੇ ਕੀ ਜਾਨੈ ਕਰਤਾ ਰਚਨਾ ॥੨॥
ਕਈ ਕੋਟਿ ਸਿਧ ਜਤੀ ਜੋਗੀ ॥
ਕਈ ਕੋਟਿ ਰਾਜੇ ਰਸ ਭੋਗੀ ॥
ਕਈ ਕੋਟਿ ਪੰਖੀ ਸਰਪ ਉਪਾਏ ॥
ਕਈ ਕੋਟਿ ਪਾਥਰ ਬਿਰਖ ਨਿਪਜਾਏ ॥
ਕਈ ਕੋਟਿ ਪਵਣ ਪਾਣੀ ਬੈਸੰਤਰ ॥
ਕਈ ਕੋਟਿ ਦੇਸ ਭੂ ਮੰਡਲ ॥
ਕਈ ਕੋਟਿ ਸਸੀਅਰ ਸੂਰ ਨਖ੍ਯ੍ਰਤ੍ਰ ॥
ਕਈ ਕੋਟਿ ਦੇਵ ਦਾਨਵ ਇੰਦ੍ਰ ਸਿਰਿ ਛਤ੍ਰ ॥
ਸਗਲ ਸਮਗ੍ਰੀ ਅਪਨੈ ਸੂਤਿ ਧਾਰੈ ॥
ਨਾਨਕ ਜਿਸੁ ਜਿਸੁ ਭਾਵੈ
ਤਿਸੁ ਤਿਸੁ ਨਿਸਤਾਰੈ ॥੩॥
ਕਈ ਕੋਟਿ ਰਾਜਸ ਤਾਮਸ ਸਾਤਕ ॥

ਕਈ ਕੋਟਿ ਬੇਦ ਪੁਰਾਨ
ਸਿਮ੍ਰਿਤਿ ਅਰੁ ਸਾਸਤ ॥
ਕਈ ਕੋਟਿ ਕੀਏ ਰਤਨ ਸਮੁਦ ॥
ਕਈ ਕੋਟਿ ਨਾਨਾ ਪ੍ਰਕਾਰ ਜੰਤ ॥
ਕਈ ਕੋਟਿ ਕੀਏ ਚਿਰ ਜੀਵੇ ॥
ਕਈ ਕੋਟਿ ਗਿਰੀ ਮੇਰ ਸੁਵਰਨ ਥੀਵੇ ॥
ਕਈ ਕੋਟਿ ਜਖ੍ਯ ਕਿੰਨਰ ਪਿਸਾਚ ॥
ਕਈ ਕੋਟਿ ਭੂਤ ਪ੍ਰੇਤ ਸੂਕਰ ਮ੍ਰਿਗਾਚ ॥
ਸਭ ਤੇ ਨੇਰੈ ਸਭਹੂ ਤੇ ਦੂਰਿ ॥
ਨਾਨਕ ਆਪਿ ਅਲਿਪਤੁ ਰਹਿਆ ਭਰਪੂਰਿ ॥੪॥
ਕਈ ਕੋਟਿ ਪਾਤਾਲ ਕੇ ਵਾਸੀ ॥
ਕਈ ਕੋਟਿ ਨਰਕ ਸੁਰਗ ਨਿਵਾਸੀ ॥
ਕਈ ਕੋਟਿ ਜਨਮਹਿ ਜੀਵਹਿ ਮਰਹਿ ॥
ਕਈ ਕੋਟਿ ਬਹੁ ਜੋਨੀ ਫਿਰਹਿ ॥
ਕਈ ਕੋਟਿ ਬੈਠਤ ਹੀ ਖਾਹਿ ॥

ਕਈ ਕੋਟਿ ਘਾਲਹਿ ਥਕਿ ਪਾਹਿ ॥
ਕਈ ਕੋਟਿ ਕੀਏ ਧਨਵੰਤ ॥
ਕਈ ਕੋਟਿ ਮਾਇਆ ਮਹਿ ਚਿੰਤ ॥
ਜਹ ਜਹ ਭਾਣਾ ਤਹ ਤਹ ਰਾਖੇ ॥
ਨਾਨਕ ਸਭੁ ਕਿਛੁ ਪ੍ਰਭ ਕੈ ਹਾਥੇ ॥੫॥
ਕਈ ਕੋਟਿ ਭਏ ਬੈਰਾਗੀ ॥
ਰਾਮ ਨਾਮ ਸੰਗਿ ਤਿਨਿ ਲਿਵ ਲਾਗੀ ॥
ਕਈ ਕੋਟਿ ਪ੍ਰਭ ਕਉ ਖੋਜੰਤੇ ॥
ਆਤਮ ਮਹਿ ਪਾਰਬ੍ਰਹਮੁ ਲਹੰਤੇ ॥
ਕਈ ਕੋਟਿ ਦਰਸਨ ਪ੍ਰਭ ਪਿਆਸ ॥
ਤਿਨ ਕਉ ਮਿਲਿਓ ਪ੍ਰਭੁ ਅਬਿਨਾਸ ॥
ਕਈ ਕੋਟਿ ਮਾਗਹਿ ਸਤਸੰਗੁ ॥
ਪਾਰਬ੍ਰਹਮ ਤਿਨ ਲਾਗਾ ਰੰਗੁ ॥
ਜਿਨ ਕਉ ਹੋਏ ਆਪਿ ਸੁਪ੍ਰਸੰਨ ॥
ਨਾਨਕ ਤੇ ਜਨ ਸਦਾ ਧਨਿ ਧੰਨਿ ॥੬॥

ਕਈ ਕੋਟਿ ਖਾਣੀ ਅਰੁ ਖੰਡ ॥
ਕਈ ਕੋਟਿ ਅਕਾਸ ਬ੍ਰਹਮੰਡ ॥
ਕਈ ਕੋਟਿ ਹੋਏ ਅਵਤਾਰ ॥
ਕਈ ਜੁਗਤਿ ਕੀਨੋ ਬਿਸਥਾਰ ॥
ਕਈ ਬਾਰ ਪਸਰਿਓ ਪਾਸਾਰ ॥
ਸਦਾ ਸਦਾ ਇਕੁ ਏਕੰਕਾਰ ॥
ਕਈ ਕੋਟਿ ਕੀਨੇ ਬਹੁ ਭਾਤਿ ॥
ਪ੍ਰਭ ਤੇ ਹੋਏ ਪ੍ਰਭ ਮਾਹਿ ਸਮਾਤਿ ॥
ਤਾ ਕਾ ਅੰਤੁ ਨ ਜਾਨੈ ਕੋਇ ॥
ਆਪੇ ਆਪਿ ਨਾਨਕ ਪ੍ਰਭੁ ਸੋਇ ॥੭॥
ਕਈ ਕੋਟਿ ਪਾਰਬ੍ਰਹਮ ਕੇ ਦਾਸ ॥
ਤਿਨ ਹੋਵਤ ਆਤਮ ਪਰਗਾਸ ॥
ਕਈ ਕੋਟਿ ਤਤ ਕੇ ਬੇਤੇ ॥
ਸਦਾ ਨਿਹਾਰਹਿ ਏਕੋ ਨੇਤ੍ਰੇ ॥
ਕਈ ਕੋਟਿ ਨਾਮ ਰਸੁ ਪੀਵਹਿ ॥

ਅਮਰ ਭਏ ਸਦ ਸਦ ਹੀ ਜੀਵਹਿ ॥
ਕਈ ਕੋਟਿ ਨਾਮ ਗੁਨ ਗਾਵਹਿ ॥
ਆਤਮ ਰਸਿ ਸੁਖਿ ਸਹਜਿ ਸਮਾਵਹਿ ॥
ਅਪੁਨੇ ਜਨ ਕਉ ਸਾਸਿ ਸਾਸਿ ਸਮਾਰੇ ॥
ਨਾਨਕ ਓਇ ਪਰਮੇਸੁਰ ਕੇ ਪਿਆਰੇ
॥੮॥੧੦॥

ਸਲੋਕੁ ॥
ਕਰਣ ਕਾਰਣ ਪ੍ਰਭੁ ਏਕੁ ਹੈ
ਦੂਸਰ ਨਾਹੀ ਕੋਇ ॥
ਨਾਨਕ ਤਿਸੁ ਬਲਿਹਾਰਣੈ
ਜਲਿ ਥਲਿ ਮਹੀਅਲਿ ਸੋਇ ॥੧॥

ਅਸਟਪਦੀ ॥
ਕਰਨ ਕਰਾਵਨ ਕਰਨੈ ਜੋਗੁ ॥
ਜੋ ਤਿਸੁ ਭਾਵੈ ਸੋਈ ਹੋਗੁ ॥
ਖਿਨ ਮਹਿ ਥਾਪਿ ਉਥਾਪਨਹਾਰਾ ॥
ਅੰਤੁ ਨਹੀ ਕਿਛੁ ਪਾਰਾਵਾਰਾ ॥
ਹੁਕਮੇ ਧਾਰਿ ਅਧਰ ਰਹਾਵੈ ॥
ਹੁਕਮੇ ਉਪਜੈ ਹੁਕਮਿ ਸਮਾਵੈ ॥
ਹੁਕਮੇ ਊਚ ਨੀਚ ਬਿਉਹਾਰ ॥
ਹੁਕਮੇ ਅਨਿਕ ਰੰਗ ਪਰਕਾਰ ॥
ਕਰਿ ਕਰਿ ਦੇਖੈ ਅਪਨੀ ਵਡਿਆਈ ॥
ਨਾਨਕ ਸਭ ਮਹਿ ਰਹਿਆ ਸਮਾਈ ॥੧॥
ਪ੍ਰਭ ਭਾਵੈ ਮਾਨੁਖ ਗਤਿ ਪਾਵੈ ॥
ਪ੍ਰਭ ਭਾਵੈ ਤਾ ਪਾਥਰ ਤਰਾਵੈ ॥
ਪ੍ਰਭ ਭਾਵੈ ਬਿਨੁ ਸਾਸ ਤੇ ਰਾਖੈ ॥
ਪ੍ਰਭ ਭਾਵੈ ਤਾ ਹਰਿ ਗੁਣ ਭਾਖੈ ॥

ਪ੍ਰਭ ਭਾਵੈ ਤਾ ਪਤਿਤ ਉਧਾਰੈ ॥
ਆਪਿ ਕਰੈ ਆਪਨ ਬੀਚਾਰੈ ॥
ਦੂਹਾ ਸਿਰਿਆ ਕਾ ਆਪਿ ਸੁਆਮੀ ॥
ਖੇਲੈ ਬਿਗਸੈ ਅੰਤਰਜਾਮੀ ॥
ਜੋ ਭਾਵੈ ਸੋ ਕਾਰ ਕਰਾਵੈ ॥
ਨਾਨਕ ਦ੍ਰਿਸਟੀ ਅਵਰੁ ਨ ਆਵੈ ॥੨॥
ਕਹੁ ਮਾਨੁਖ ਤੇ ਕਿਆ ਹੋਇ ਆਵੈ ॥
ਜੋ ਤਿਸੁ ਭਾਵੈ ਸੋਈ ਕਰਾਵੈ ॥
ਇਸ ਕੈ ਹਾਥਿ ਹੋਇ ਤਾ ਸਭੁ ਕਿਛੁ ਲੇਇ ॥
ਜੋ ਤਿਸੁ ਭਾਵੈ ਸੋਈ ਕਰੇਇ ॥
ਅਨਜਾਨਤ ਬਿਖਿਆ ਮਹਿ ਰਚੈ ॥
ਜੇ ਜਾਨਤ ਆਪਨ ਆਪ ਬਚੈ ॥
ਭਰਮੇ ਭੂਲਾ ਦਹ ਦਿਸਿ ਧਾਵੈ ॥
ਨਿਮਖ ਮਾਹਿ ਚਾਰਿ ਕੁੰਟ ਫਿਰਿ ਆਵੈ ॥
ਕਰਿ ਕਿਰਪਾ ਜਿਸੁ ਅਪਨੀ ਭਗਤਿ ਦੇਇ ॥

ਨਾਨਕ ਤੇ ਜਨ ਨਾਮਿ ਮਿਲੇਇ ॥੩॥
ਖਿਨ ਮਹਿ ਨੀਚ ਕੀਟ ਕਉ ਰਾਜ ॥
ਪਾਰਬ੍ਰਹਮ ਗਰੀਬ ਨਿਵਾਜ ॥
ਜਾ ਕਾ ਦ੍ਰਿਸਟਿ ਕਛੂ ਨ ਆਵੈ ॥
ਤਿਸੁ ਤਤਕਾਲ ਦਹ ਦਿਸ ਪ੍ਰਗਟਾਵੈ ॥
ਜਾ ਕਉ ਅਪੁਨੀ ਕਰੈ ਬਖਸੀਸ ॥
ਤਾ ਕਾ ਲੇਖਾ ਨ ਗਨੈ ਜਗਦੀਸ ॥
ਜੀਉ ਪਿੰਡੁ ਸਭ ਤਿਸ ਕੀ ਰਾਸਿ ॥
ਘਟਿ ਘਟਿ ਪੂਰਨ ਬ੍ਰਹਮ ਪ੍ਰਗਾਸ ॥
ਅਪਨੀ ਬਣਤ ਆਪਿ ਬਨਾਈ ॥
ਨਾਨਕ ਜੀਵੈ ਦੇਖਿ ਬਡਾਈ ॥੪॥
ਇਸ ਕਾ ਬਲੁ ਨਾਹੀ ਇਸੁ ਹਾਥ ॥
ਕਰਨ ਕਰਾਵਨ ਸਰਬ ਕੋ ਨਾਥ ॥
ਆਗਿਆਕਾਰੀ ਬਪੁਰਾ ਜੀਉ ॥
ਜੋ ਤਿਸੁ ਭਾਵੈ ਸੋਈ ਫੁਨਿ ਥੀਉ ॥

ਕਬਹੂ ਊਚ ਨੀਚ ਮਹਿ ਬਸੈ ॥
ਕਬਹੂ ਸੋਗ ਹਰਖ ਰੰਗਿ ਹਸੈ ॥
ਕਬਹੂ ਨਿੰਦ ਚਿੰਦ ਬਿਉਹਾਰ ॥
ਕਬਹੂ ਊਭ ਅਕਾਸ ਪਇਆਲ ॥
ਕਬਹੂ ਬੇਤਾ ਬ੍ਰਹਮ ਬੀਚਾਰ ॥
ਨਾਨਕ ਆਪਿ ਮਿਲਾਵਣਹਾਰ ॥੫॥
ਕਬਹੂ ਨਿਰਤਿ ਕਰੈ ਬਹੁ ਭਾਤਿ ॥
ਕਬਹੂ ਸੋਇ ਰਹੈ ਦਿਨੁ ਰਾਤਿ ॥
ਕਬਹੂ ਮਹਾ ਕ੍ਰੋਧ ਬਿਕਰਾਲ ॥
ਕਬਹੂੰ ਸਰਬ ਕੀ ਹੋਤ ਰਵਾਲ ॥
ਕਬਹੂ ਹੋਇ ਬਹੈ ਬਡ ਰਾਜਾ ॥
ਕਬਹੁ ਭੇਖਾਰੀ ਨੀਚ ਕਾ ਸਾਜਾ ॥
ਕਬਹੂ ਅਪਕੀਰਤਿ ਮਹਿ ਆਵੈ ॥
ਕਬਹੂ ਭਲਾ ਭਲਾ ਕਹਾਵੈ ॥
ਜਿਉ ਪ੍ਰਭੁ ਰਾਖੈ ਤਿਵ ਹੀ ਰਹੈ ॥

ਗੁਰ ਪ੍ਰਸਾਦਿ ਨਾਨਕ ਸਚੁ ਕਹੈ ॥੬॥
ਕਬਹੂ ਹੋਇ ਪੰਡਿਤੁ ਕਰੇ ਬਖੵਾਨੁ ॥
ਕਬਹੂ ਮੋਨਿਧਾਰੀ ਲਾਵੈ ਧਿਆਨੁ ॥
ਕਬਹੂ ਤਟ ਤੀਰਥ ਇਸਨਾਨ ॥
ਕਬਹੂ ਸਿਧ ਸਾਧਿਕ ਮੁਖਿ ਗਿਆਨ ॥
ਕਬਹੂ ਕੀਟ ਹਸਤਿ ਪਤੰਗ ਹੋਇ ਜੀਆ ॥
ਅਨਿਕ ਜੋਨਿ ਭਰਮੈ ਭਰਮੀਆ ॥
ਨਾਨਾ ਰੂਪ ਜਿਉ ਸ੍ਵਾਗੀ ਦਿਖਾਵੈ ॥
ਜਿਉ ਪ੍ਰਭ ਭਾਵੈ ਤਿਵੈ ਨਚਾਵੈ ॥
ਜੋ ਤਿਸੁ ਭਾਵੈ ਸੋਈ ਹੋਇ ॥
ਨਾਨਕ ਦੂਜਾ ਅਵਰੁ ਨ ਕੋਇ ॥੭॥
ਕਬਹੂ ਸਾਧਸੰਗਤਿ ਇਹੁ ਪਾਵੈ ॥
ਉਸੁ ਅਸਥਾਨ ਤੇ ਬਹੁਰਿ ਨ ਆਵੈ ॥
ਅੰਤਰਿ ਹੋਇ ਗਿਆਨ ਪਰਗਾਸੁ ॥
ਉਸੁ ਅਸਥਾਨ ਕਾ ਨਹੀ ਬਿਨਾਸੁ ॥

ਮਨ ਤਨ ਨਾਮਿ ਰਤੇ ਇਕ ਰੰਗਿ ॥
ਸਦਾ ਬਸਹਿ ਪਾਰਬ੍ਰਹਮ ਕੈ ਸੰਗਿ ॥
ਜਿਉ ਜਲ ਮਹਿ ਜਲੁ ਆਇ ਖਟਾਨਾ ॥
ਤਿਉ ਜੋਤੀ ਸੰਗਿ ਜੋਤਿ ਸਮਾਨਾ ॥
ਮਿਟਿ ਗਏ ਗਵਨ ਪਾਏ ਬਿਸ੍ਰਾਮ ॥
ਨਾਨਕ ਪ੍ਰਭ ਕੈ ਸਦ ਕੁਰਬਾਨ ॥੮॥੧੧॥

ਸਲੋਕੁ ॥
ਸੁਖੀ ਬਸੈ ਮਸਕੀਨੀਆ
ਆਪੁ ਨਿਵਾਰਿ ਤਲੇ ॥
ਬਡੇ ਬਡੇ ਅਹੰਕਾਰੀਆ
ਨਾਨਕ ਗਰਬਿ ਗਲੇ ॥੧॥

ਅਸਟਪਦੀ ॥
ਜਿਸ ਕੈ ਅੰਤਰਿ ਰਾਜ ਅਭਿਮਾਨੁ ॥

ਸੋ ਨਰਕਪਾਤੀ ਹੋਵਤ ਸੁਆਨੁ ॥
ਜੋ ਜਾਨੈ ਮੈ ਜੋਬਨਵੰਤੁ ॥
ਸੋ ਹੋਵਤ ਬਿਸਟਾ ਕਾ ਜੰਤੁ ॥
ਆਪਸ ਕਉ ਕਰਮਵੰਤੁ ਕਹਾਵੈ ॥
ਜਨਮਿ ਮਰੈ ਬਹੁ ਜੋਨਿ ਭ੍ਰਮਾਵੈ ॥
ਧਨ ਭੂਮਿ ਕਾ ਜੋ ਕਰੈ ਗੁਮਾਨੁ ॥
ਸੋ ਮੂਰਖੁ ਅੰਧਾ ਅਗਿਆਨੁ ॥
ਕਰਿ ਕਿਰਪਾ ਜਿਸ ਕੈ
ਹਿਰਦੈ ਗਰੀਬੀ ਬਸਾਵੈ ॥
ਨਾਨਕ ਈਹਾ ਮੁਕਤੁ ਆਗੈ ਸੁਖੁ ਪਾਵੈ ॥੧॥
ਧਨਵੰਤਾ ਹੋਇ ਕਰਿ ਗਰਬਾਵੈ ॥
ਤ੍ਰਿਣ ਸਮਾਨਿ ਕਛੁ ਸੰਗਿ ਨ ਜਾਵੈ ॥
ਬਹੁ ਲਸਕਰ ਮਾਨੁਖ ਊਪਰਿ ਕਰੇ ਆਸ ॥
ਪਲ ਭੀਤਰਿ ਤਾ ਕਾ ਹੋਇ ਬਿਨਾਸ ॥
ਸਭ ਤੇ ਆਪ ਜਾਨੈ ਬਲਵੰਤੁ ॥

ਖਿਨ ਮਹਿ ਹੋਇ ਜਾਇ ਭਸਮੰਤੁ ॥
ਕਿਸੈ ਨ ਬਦੈ ਆਪਿ ਅਹੰਕਾਰੀ ॥
ਧਰਮ ਰਾਇ ਤਿਸੁ ਕਰੇ ਖੁਆਰੀ ॥
ਗੁਰ ਪ੍ਰਸਾਦਿ ਜਾ ਕਾ ਮਿਟੈ ਅਭਿਮਾਨੁ ॥
ਸੋ ਜਨੁ ਨਾਨਕ ਦਰਗਹ ਪਰਵਾਨੁ ॥੨॥
ਕੋਟਿ ਕਰਮ ਕਰੈ ਹਉ ਧਾਰੇ ॥
ਸ੍ਰਮੁ ਪਾਵੈ ਸਗਲੇ ਬਿਰਥਾਰੇ ॥
ਅਨਿਕ ਤਪਸਿਆ ਕਰੇ ਅਹੰਕਾਰ ॥
ਨਰਕ ਸੁਰਗ ਫਿਰਿ ਫਿਰਿ ਅਵਤਾਰ ॥
ਅਨਿਕ ਜਤਨ ਕਰਿ ਆਤਮ ਨਹੀ ਦ੍ਰਵੈ ॥
ਹਰਿ ਦਰਗਹ ਕਹੁ ਕੈਸੇ ਗਵੈ ॥
ਆਪਸ ਕਉ ਜੋ ਭਲਾ ਕਹਾਵੈ ॥
ਤਿਸਹਿ ਭਲਾਈ ਨਿਕਟਿ ਨ ਆਵੈ ॥
ਸਰਬ ਕੀ ਰੇਨ ਜਾ ਕਾ ਮਨੁ ਹੋਇ ॥
ਕਹੁ ਨਾਨਕ ਤਾ ਕੀ ਨਿਰਮਲ ਸੋਇ ॥੩॥

ਜਬ ਲਗੁ ਜਾਨੈ ਮੁਝ ਤੇ ਕਛੁ ਹੋਇ ॥
ਤਬ ਇਸ ਕਉ ਸੁਖੁ ਨਾਹੀ ਕੋਇ ॥
ਜਬ ਇਹ ਜਾਨੈ ਮੈ ਕਿਛੁ ਕਰਤਾ ॥
ਤਬ ਲਗੁ ਗਰਭ ਜੋਨਿ ਮਹਿ ਫਿਰਤਾ ॥
ਜਬ ਧਾਰੈ ਕੋਊ ਬੈਰੀ ਮੀਤੁ ॥
ਤਬ ਲਗੁ ਨਿਹਚਲੁ ਨਾਹੀ ਚੀਤੁ ॥
ਜਬ ਲਗੁ ਮੋਹ ਮਗਨ ਸੰਗਿ ਮਾਇ ॥
ਤਬ ਲਗੁ ਧਰਮ ਰਾਇ ਦੇਇ ਸਜਾਇ ॥
ਪ੍ਰਭ ਕਿਰਪਾ ਤੇ ਬੰਧਨ ਤੂਟੈ ॥
ਗੁਰ ਪ੍ਰਸਾਦਿ ਨਾਨਕ ਹਉ ਛੂਟੈ ॥੪॥
ਸਹਸ ਖਟੇ ਲਖ ਕਉ ਉਠਿ ਧਾਵੈ ॥
ਤ੍ਰਿਪਤਿ ਨ ਆਵੈ ਮਾਇਆ ਪਾਛੈ ਪਾਵੈ ॥
ਅਨਿਕ ਭੋਗ ਬਿਖਿਆ ਕੇ ਕਰੈ ॥
ਨਹ ਤ੍ਰਿਪਤਾਵੈ ਖਪਿ ਖਪਿ ਮਰੈ ॥
ਬਿਨਾ ਸੰਤੋਖ ਨਹੀ ਕੋਊ ਰਾਜੈ ॥

ਸੁਪਨ ਮਨੋਰਥ ਬ੍ਰਿਥੇ ਸਭ ਕਾਜੈ ॥
ਨਾਮ ਰੰਗਿ ਸਰਬ ਸੁਖੁ ਹੋਇ ॥
ਬਡਭਾਗੀ ਕਿਸੈ ਪਰਾਪਤਿ ਹੋਇ ॥
ਕਰਨ ਕਰਾਵਨ ਆਪੇ ਆਪਿ ॥
ਸਦਾ ਸਦਾ ਨਾਨਕ ਹਰਿ ਜਾਪਿ ॥੫॥
ਕਰਨ ਕਰਾਵਨ ਕਰਨੈਹਾਰੁ ॥
ਇਸ ਕੈ ਹਾਥਿ ਕਹਾ ਬੀਚਾਰੁ ॥
ਜੈਸੀ ਦ੍ਰਿਸਟਿ ਕਰੇ ਤੈਸਾ ਹੋਇ ॥
ਆਪੇ ਆਪਿ ਆਪਿ ਪ੍ਰਭੁ ਸੋਇ ॥
ਜੋ ਕਿਛੁ ਕੀਨੋ ਸੁ ਅਪਨੈ ਰੰਗਿ ॥
ਸਭ ਤੇ ਦੂਰਿ ਸਭਹੂ ਕੈ ਸੰਗਿ ॥
ਬੂਝੈ ਦੇਖੈ ਕਰੈ ਬਿਬੇਕ ॥
ਆਪਹਿ ਏਕ ਆਪਹਿ ਅਨੇਕ ॥
ਮਰੈ ਨ ਬਿਨਸੈ ਆਵੈ ਨ ਜਾਇ ॥
ਨਾਨਕ ਸਦ ਹੀ ਰਹਿਆ ਸਮਾਇ ॥੬॥

ਆਪਿ ਉਪਦੇਸੈ ਸਮਝੈ ਆਪਿ ॥
ਆਪੇ ਰਚਿਆ ਸਭ ਕੈ ਸਾਥਿ ॥
ਆਪਿ ਕੀਨੋ ਆਪਨ ਬਿਸਥਾਰੁ ॥
ਸਭੁ ਕਛੁ ਉਸ ਕਾ ਓਹੁ ਕਰਨੈਹਾਰੁ ॥
ਉਸ ਤੇ ਭਿੰਨ ਕਹਹੁ ਕਿਛੁ ਹੋਇ ॥
ਥਾਨ ਥਨੰਤਰਿ ਏਕੈ ਸੋਇ ॥
ਅਪੁਨੇ ਚਲਿਤ ਆਪਿ ਕਰਣੈਹਾਰ ॥
ਕਉਤਕ ਕਰੈ ਰੰਗ ਆਪਾਰ ॥
ਮਨ ਮਹਿ ਆਪਿ ਮਨ ਅਪੁਨੇ ਮਾਹਿ ॥
ਨਾਨਕ ਕੀਮਤਿ ਕਹਨੁ ਨ ਜਾਇ ॥੭॥
ਸਤਿ ਸਤਿ ਸਤਿ ਪ੍ਰਭੁ ਸੁਆਮੀ ॥
ਗੁਰ ਪਰਸਾਦਿ ਕਿਨੈ ਵਖਿਆਨੀ ॥
ਸਚੁ ਸਚੁ ਸਚੁ ਸਭੁ ਕੀਨਾ ॥
ਕੋਟਿ ਮਧੇ ਕਿਨੈ ਬਿਰਲੈ ਚੀਨਾ ॥
ਭਲਾ ਭਲਾ ਭਲਾ ਤੇਰਾ ਰੂਪ ॥

ਅਤਿ ਸੁੰਦਰ ਅਪਾਰ ਅਨੂਪ ॥
ਨਿਰਮਲ ਨਿਰਮਲ ਨਿਰਮਲ ਤੇਰੀ ਬਾਣੀ ॥
ਘਟਿ ਘਟਿ ਸੁਨੀ ਸ੍ਰਵਨ ਬਖ੍ਯ੍ਯਾਣੀ ॥
ਪਵਿਤ੍ਰ ਪਵਿਤ੍ਰ ਪਵਿਤ੍ਰ ਪੁਨੀਤ ॥
ਨਾਮੁ ਜਪੈ ਨਾਨਕ ਮਨਿ ਪ੍ਰੀਤਿ ॥੮॥੧੨॥

ਸਲੋਕੁ ॥
ਸੰਤ ਸਰਨਿ ਜੋ ਜਨੁ ਪਰੈ
ਸੋ ਜਨੁ ਉਧਰਨਹਾਰ ॥
ਸੰਤ ਕੀ ਨਿੰਦਾ ਨਾਨਕਾ
ਬਹੁਰਿ ਬਹੁਰਿ ਅਵਤਾਰ ॥੧॥

ਅਸਟਪਦੀ ॥
ਸੰਤ ਕੈ ਦੂਖਨਿ ਆਰਜਾ ਘਟੈ ॥
ਸੰਤ ਕੈ ਦੂਖਨਿ ਜਮ ਤੇ ਨਹੀ ਛੂਟੈ ॥

ਸੰਤ ਕੈ ਦੂਖਨਿ ਸੁਖੁ ਸਭੁ ਜਾਇ ॥
ਸੰਤ ਕੈ ਦੂਖਨਿ ਨਰਕ ਮਹਿ ਪਾਇ ॥
ਸੰਤ ਕੈ ਦੂਖਨਿ ਮਤਿ ਹੋਇ ਮਲੀਨ ॥
ਸੰਤ ਕੈ ਦੂਖਨਿ ਸੋਭਾ ਤੇ ਹੀਨ ॥
ਸੰਤ ਕੇ ਹਤੇ ਕਉ ਰਖੈ ਨ ਕੋਇ ॥
ਸੰਤ ਕੈ ਦੂਖਨਿ ਥਾਨ ਭ੍ਰਸਟੁ ਹੋਇ ॥
ਸੰਤ ਕ੍ਰਿਪਾਲ ਕ੍ਰਿਪਾ ਜੇ ਕਰੈ ॥
ਨਾਨਕ ਸੰਤਸੰਗਿ ਨਿੰਦਕੁ ਭੀ ਤਰੈ ॥੧॥
ਸੰਤ ਕੇ ਦੂਖਨ ਤੇ ਮੁਖੁ ਭਵੈ ॥
ਸੰਤਨ ਕੈ ਦੂਖਨਿ ਕਾਗ ਜਿਉ ਲਵੈ ॥
ਸੰਤਨ ਕੈ ਦੂਖਨਿ ਸਰਪ ਜੋਨਿ ਪਾਇ ॥
ਸੰਤ ਕੈ ਦੂਖਨਿ ਤ੍ਰਿਗਦ ਜੋਨਿ ਕਿਰਮਾਇ ॥
ਸੰਤਨ ਕੈ ਦੂਖਨਿ ਤ੍ਰਿਸਨਾ ਮਹਿ ਜਲੈ ॥
ਸੰਤ ਕੈ ਦੂਖਨਿ ਸਭੁ ਕੋ ਛਲੈ ॥
ਸੰਤ ਕੈ ਦੂਖਨਿ ਤੇਜੁ ਸਭੁ ਜਾਇ ॥

ਸੰਤ ਕੈ ਦੂਖਨਿ ਨੀਚੁ ਨੀਚਾਇ ॥
ਸੰਤ ਦੋਖੀ ਕਾ ਥਾਉ ਕੋ ਨਾਹਿ ॥
ਨਾਨਕ ਸੰਤ ਭਾਵੈ ਤਾ ਓਇ ਭੀ ਗਤਿ ਪਾਹਿ ॥੨॥
ਸੰਤ ਕਾ ਨਿੰਦਕੁ ਮਹਾ ਅਤਤਾਈ ॥
ਸੰਤ ਕਾ ਨਿੰਦਕੁ ਖਿਨੁ ਟਿਕਨੁ ਨ ਪਾਈ ॥
ਸੰਤ ਕਾ ਨਿੰਦਕੁ ਮਹਾ ਹਤਿਆਰਾ ॥
ਸੰਤ ਕਾ ਨਿੰਦਕੁ ਪਰਮੇਸੁਰਿ ਮਾਰਾ ॥
ਸੰਤ ਕਾ ਨਿੰਦਕੁ ਰਾਜ ਤੇ ਹੀਨੁ ॥
ਸੰਤ ਕਾ ਨਿੰਦਕੁ ਦੁਖੀਆ ਅਰੁ ਦੀਨੁ ॥
ਸੰਤ ਕੇ ਨਿੰਦਕ ਕਉ ਸਰਬ ਰੋਗ ॥
ਸੰਤ ਕੇ ਨਿੰਦਕ ਕਉ ਸਦਾ ਬਿਜੋਗ ॥
ਸੰਤ ਕੀ ਨਿੰਦਾ ਦੋਖ ਮਹਿ ਦੋਖੁ ॥
ਨਾਨਕ ਸੰਤ ਭਾਵੈ
ਤਾ ਉਸ ਕਾ ਭੀ ਹੋਇ ਮੋਖੁ ॥੩॥
ਸੰਤ ਕਾ ਦੋਖੀ ਸਦਾ ਅਪਵਿਤੁ ॥

ਸੰਤ ਕਾ ਦੋਖੀ ਕਿਸੈ ਕਾ ਨਹੀ ਮਿਤੁ ॥
ਸੰਤ ਕੇ ਦੋਖੀ ਕਉ ਡਾਨੁ ਲਾਗੈ ॥
ਸੰਤ ਕੇ ਦੋਖੀ ਕਉ ਸਭ ਤਿਆਗੈ ॥
ਸੰਤ ਕਾ ਦੋਖੀ ਮਹਾ ਅਹੰਕਾਰੀ ॥
ਸੰਤ ਕਾ ਦੋਖੀ ਸਦਾ ਬਿਕਾਰੀ ॥
ਸੰਤ ਕਾ ਦੋਖੀ ਜਨਮੈ ਮਰੈ ॥
ਸੰਤ ਕੀ ਦੂਖਨਾ ਸੁਖ ਤੇ ਟਰੈ ॥
ਸੰਤ ਕੇ ਦੋਖੀ ਕਉ ਨਾਹੀ ਠਾਉ ॥
ਨਾਨਕ ਸੰਤ ਭਾਵੈ ਤਾ ਲਏ ਮਿਲਾਇ ॥੪॥
ਸੰਤ ਕਾ ਦੋਖੀ ਅਧ ਬੀਚ ਤੇ ਟੂਟੈ ॥
ਸੰਤ ਕਾ ਦੋਖੀ ਕਿਤੈ ਕਾਜਿ ਨ ਪਹੂਚੈ ॥
ਸੰਤ ਕੇ ਦੋਖੀ ਕਉ ਉਦਿਆਨ ਭ੍ਰਮਾਈਐ ॥
ਸੰਤ ਕਾ ਦੋਖੀ ਉਝੜਿ ਪਾਈਐ ॥
ਸੰਤ ਕਾ ਦੋਖੀ ਅੰਤਰ ਤੇ ਥੋਥਾ ॥
ਜਿਉ ਸਾਸ ਬਿਨਾ ਮਿਰਤਕ ਕੀ ਲੋਥਾ ॥

ਸੰਤ ਕੇ ਦੋਖੀ ਕੀ ਜੜ ਕਿਛੁ ਨਾਹਿ ॥
ਆਪਨ ਬੀਜਿ ਆਪੇ ਹੀ ਖਾਹਿ ॥
ਸੰਤ ਕੇ ਦੋਖੀ ਕਉ ਅਵਰੁ ਨ ਰਾਖਨਹਾਰੁ ॥
ਨਾਨਕ ਸੰਤ ਭਾਵੈ ਤਾ ਲਏ ਉਬਾਰਿ ॥੫॥
ਸੰਤ ਕਾ ਦੋਖੀ ਇਉ ਬਿਲਲਾਇ ॥
ਜਿਉ ਜਲ ਬਿਹੂਨ ਮਛੁਲੀ ਤੜਫੜਾਇ ॥
ਸੰਤ ਕਾ ਦੋਖੀ ਭੂਖਾ ਨਹੀ ਰਾਜੈ ॥
ਜਿਉ ਪਾਵਕੁ ਈਧਨਿ ਨਹੀ ਧ੍ਰਾਪੈ ॥
ਸੰਤ ਕਾ ਦੋਖੀ ਛੁਟੈ ਇਕੇਲਾ ॥
ਜਿਉ ਬੂਆੜੁ ਤਿਲੁ ਖੇਤ ਮਾਹਿ ਦੁਹੇਲਾ ॥
ਸੰਤ ਕਾ ਦੋਖੀ ਧਰਮ ਤੇ ਰਹਤ ॥
ਸੰਤ ਕਾ ਦੋਖੀ ਸਦ ਮਿਥਿਆ ਕਹਤ ॥
ਕਿਰਤੁ ਨਿੰਦਕ ਕਾ ਧੁਰਿ ਹੀ ਪਇਆ ॥
ਨਾਨਕ ਜੋ ਤਿਸੁ ਭਾਵੈ ਸੋਈ ਥਿਆ ॥੬॥
ਸੰਤ ਕਾ ਦੋਖੀ ਬਿਗੜ ਰੂਪੁ ਹੋਇ ਜਾਇ ॥

ਸੰਤ ਕੇ ਦੋਖੀ ਕਉ ਦਰਗਹ ਮਿਲੈ ਸਜਾਇ ॥
ਸੰਤ ਕਾ ਦੋਖੀ ਸਦਾ ਸਹਕਾਈਐ ॥
ਸੰਤ ਕਾ ਦੋਖੀ ਨ ਮਰੈ ਨ ਜੀਵਾਈਐ ॥
ਸੰਤ ਕੇ ਦੋਖੀ ਕੀ ਪੁਜੈ ਨ ਆਸਾ ॥
ਸੰਤ ਕਾ ਦੋਖੀ ਉਠਿ ਚਲੈ ਨਿਰਾਸਾ ॥
ਸੰਤ ਕੈ ਦੋਖਿ ਨ ਤ੍ਰਿਸਟੈ ਕੋਇ ॥
ਜੈਸਾ ਭਾਵੈ ਤੈਸਾ ਕੋਈ ਹੋਇ ॥
ਪਇਆ ਕਿਰਤੁ ਨ ਮੇਟੈ ਕੋਇ ॥
ਨਾਨਕ ਜਾਨੈ ਸਚਾ ਸੋਇ ॥੭॥
ਸਭ ਘਟ ਤਿਸ ਕੇ ਓਹੁ ਕਰਨੈਹਾਰੁ ॥
ਸਦਾ ਸਦਾ ਤਿਸ ਕਉ ਨਮਸਕਾਰੁ ॥
ਪ੍ਰਭ ਕੀ ਉਸਤਤਿ ਕਰਹੁ ਦਿਨੁ ਰਾਤਿ ॥
ਤਿਸਹਿ ਧਿਆਵਹੁ ਸਾਸਿ ਗਿਰਾਸਿ ॥
ਸਭੁ ਕਛੁ ਵਰਤੈ ਤਿਸ ਕਾ ਕੀਆ ॥
ਜੈਸਾ ਕਰੇ ਤੈਸਾ ਕੋ ਥੀਆ ॥

ਅਪਨਾ ਖੇਲੁ ਆਪਿ ਕਰਨੈਹਾਰੁ ॥
ਦੂਸਰ ਕਉਨੁ ਕਹੈ ਬੀਚਾਰੁ ॥
ਜਿਸ ਨੋ ਕ੍ਰਿਪਾ ਕਰੈ
ਤਿਸੁ ਆਪਨ ਨਾਮੁ ਦੇਇ ॥
ਬਡਭਾਗੀ ਨਾਨਕ ਜਨ ਸੇਇ ॥੮॥੧੩॥

ਸਲੋਕੁ ॥
ਤਜਹੁ ਸਿਆਨਪ ਸੁਰਿ ਜਨਹੁ
ਸਿਮਰਹੁ ਹਰਿ ਹਰਿ ਰਾਇ ॥
ਏਕ ਆਸ ਹਰਿ ਮਨਿ ਰਖਹੁ
ਨਾਨਕ ਦੂਖੁ ਭਰਮੁ ਭਉ ਜਾਇ ॥੧॥

ਅਸਟਪਦੀ ॥
ਮਾਨੁਖ ਕੀ ਟੇਕ ਬ੍ਰਿਥੀ ਸਭ ਜਾਨੁ ॥
ਦੇਵਨ ਕਉ ਏਕੈ ਭਗਵਾਨੁ ॥

ਜਿਸ ਕੈ ਦੀਐ ਰਹੈ ਅਘਾਇ ॥
ਬਹੁਰਿ ਨ ਤ੍ਰਿਸਨਾ ਲਾਗੈ ਆਇ ॥
ਮਾਰੈ ਰਾਖੈ ਏਕੋ ਆਪਿ ॥
ਮਾਨੁਖ ਕੈ ਕਿਛੁ ਨਾਹੀ ਹਾਥਿ ॥
ਤਿਸ ਕਾ ਹੁਕਮੁ ਬੂਝਿ ਸੁਖੁ ਹੋਇ ॥
ਤਿਸ ਕਾ ਨਾਮੁ ਰਖੁ ਕੰਠਿ ਪਰੋਇ ॥
ਸਿਮਰਿ ਸਿਮਰਿ ਸਿਮਰਿ ਪ੍ਰਭੁ ਸੋਇ ॥
ਨਾਨਕ ਬਿਘਨੁ ਨ ਲਾਗੈ ਕੋਇ ॥੧॥
ਉਸਤਤਿ ਮਨ ਮਹਿ ਕਰਿ ਨਿਰੰਕਾਰ ॥
ਕਰਿ ਮਨ ਮੇਰੇ ਸਤਿ ਬਿਉਹਾਰ ॥
ਨਿਰਮਲ ਰਸਨਾ ਅੰਮ੍ਰਿਤੁ ਪੀਉ ॥
ਸਦਾ ਸੁਹੇਲਾ ਕਰਿ ਲੇਹਿ ਜੀਉ ॥
ਨੈਨਹੁ ਪੇਖੁ ਠਾਕੁਰ ਕਾ ਰੰਗੁ ॥
ਸਾਧਸੰਗਿ ਬਿਨਸੈ ਸਭ ਸੰਗੁ ॥
ਚਰਨ ਚਲਉ ਮਾਰਗਿ ਗੋਬਿੰਦ ॥

ਮਿਟਹਿ ਪਾਪ ਜਪੀਐ ਹਰਿ ਬਿੰਦ ॥
ਕਰ ਹਰਿ ਕਰਮ ਸ੍ਰਵਨਿ ਹਰਿ ਕਥਾ ॥
ਹਰਿ ਦਰਗਹ ਨਾਨਕ ਊਜਲ ਮਥਾ ॥੨॥
ਬਡਭਾਗੀ ਤੇ ਜਨ ਜਗ ਮਾਹਿ ॥
ਸਦਾ ਸਦਾ ਹਰਿ ਕੇ ਗੁਨ ਗਾਹਿ ॥
ਰਾਮ ਨਾਮ ਜੋ ਕਰਹਿ ਬੀਚਾਰ ॥
ਸੇ ਧਨਵੰਤ ਗਨੀ ਸੰਸਾਰ ॥
ਮਨਿ ਤਨਿ ਮੁਖਿ ਬੋਲਹਿ ਹਰਿ ਮੁਖੀ ॥
ਸਦਾ ਸਦਾ ਜਾਨਹੁ ਤੇ ਸੁਖੀ ॥
ਏਕੋ ਏਕੁ ਏਕੁ ਪਛਾਨੈ ॥
ਇਤ ਉਤ ਕੀ ਓਹੁ ਸੋਝੀ ਜਾਨੈ ॥
ਨਾਮ ਸੰਗਿ ਜਿਸ ਕਾ ਮਨੁ ਮਾਨਿਆ ॥
ਨਾਨਕ ਤਿਨਹਿ ਨਿਰੰਜਨੁ ਜਾਨਿਆ ॥੩॥
ਗੁਰ ਪ੍ਰਸਾਦਿ ਆਪਨ ਆਪੁ ਸੁਝੈ ॥
ਤਿਸ ਕੀ ਜਾਨਹੁ ਤ੍ਰਿਸਨਾ ਬੁਝੈ ॥

ਸਾਧਸੰਗਿ ਹਰਿ ਹਰਿ ਜਸੁ ਕਹਤ ॥
ਸਰਬ ਰੋਗ ਤੇ ਓਹੁ ਹਰਿ ਜਨੁ ਰਹਤ ॥
ਅਨਦਿਨੁ ਕੀਰਤਨੁ ਕੇਵਲ ਬਖ੍ਯ੍ਾਨੁ ॥
ਗ੍ਰਿਹਸਤ ਮਹਿ ਸੋਈ ਨਿਰਬਾਨੁ ॥
ਏਕ ਊਪਰਿ ਜਿਸੁ ਜਨ ਕੀ ਆਸਾ ॥
ਤਿਸ ਕੀ ਕਟੀਐ ਜਮ ਕੀ ਫਾਸਾ ॥
ਪਾਰਬ੍ਰਹਮ ਕੀ ਜਿਸੁ ਮਨਿ ਭੂਖ ॥
ਨਾਨਕ ਤਿਸਹਿ ਨ ਲਾਗਹਿ ਦੂਖ ॥੪॥
ਜਿਸ ਕਉ ਹਰਿ ਪ੍ਰਭੁ ਮਨਿ ਚਿਤਿ ਆਵੈ ॥
ਸੋ ਸੰਤੁ ਸੁਹੇਲਾ ਨਹੀ ਡੁਲਾਵੈ ॥
ਜਿਸੁ ਪ੍ਰਭੁ ਅਪੁਨਾ ਕਿਰਪਾ ਕਰੈ ॥
ਸੋ ਸੇਵਕੁ ਕਹੁ ਕਿਸ ਤੇ ਡਰੈ ॥
ਜੈਸਾ ਸਾ ਤੈਸਾ ਦ੍ਰਿਸਟਾਇਆ ॥
ਅਪੁਨੇ ਕਾਰਜ ਮਹਿ ਆਪਿ ਸਮਾਇਆ ॥
ਸੋਧਤ ਸੋਧਤ ਸੋਧਤ ਸੀਝਿਆ ॥

ਗੁਰ ਪ੍ਰਸਾਦਿ ਤਤੁ ਸਭੁ ਬੂਝਿਆ ॥
ਜਬ ਦੇਖਉ ਤਬ ਸਭੁ ਕਿਛੁ ਮੂਲੁ ॥
ਨਾਨਕ ਸੋ ਸੂਖਮੁ ਸੋਈ ਅਸਥੂਲੁ ॥੫॥
ਨਹ ਕਿਛੁ ਜਨਮੈ ਨਹ ਕਿਛੁ ਮਰੈ ॥
ਆਪਨ ਚਲਿਤੁ ਆਪ ਹੀ ਕਰੈ ॥
ਆਵਨੁ ਜਾਵਨੁ ਦ੍ਰਿਸਟਿ ਅਨਦ੍ਰਿਸਟਿ ॥
ਆਗਿਆਕਾਰੀ ਧਾਰੀ ਸਭ ਸ੍ਰਿਸਟਿ ॥
ਆਪੇ ਆਪਿ ਸਗਲ ਮਹਿ ਆਪਿ ॥
ਅਨਿਕ ਜੁਗਤਿ ਰਚਿ ਥਾਪਿ ਉਥਾਪਿ ॥
ਅਬਿਨਾਸੀ ਨਾਹੀ ਕਿਛੁ ਖੰਡ ॥
ਧਾਰਣ ਧਾਰਿ ਰਹਿਓ ਬ੍ਰਹਮੰਡ ॥
ਅਲਖ ਅਭੇਵ ਪੁਰਖ ਪਰਤਾਪ ॥
ਆਪਿ ਜਪਾਏ ਤ ਨਾਨਕ ਜਾਪ ॥੬॥
ਜਿਨ ਪ੍ਰਭੁ ਜਾਤਾ ਸੁ ਸੋਭਾਵੰਤ ॥
ਸਗਲ ਸੰਸਾਰੁ ਉਧਰੈ ਤਿਨ ਮੰਤ ॥

ਪ੍ਰਭ ਕੇ ਸੇਵਕ ਸਗਲ ਉਧਾਰਨ ॥
ਪ੍ਰਭ ਕੇ ਸੇਵਕ ਦੂਖ ਬਿਸਾਰਨ ॥
ਆਪੇ ਮੇਲਿ ਲਏ ਕਿਰਪਾਲ ॥
ਗੁਰ ਕਾ ਸਬਦੁ ਜਪਿ ਭਏ ਨਿਹਾਲ ॥
ਉਨ ਕੀ ਸੇਵਾ ਸੋਈ ਲਾਗੈ ॥
ਜਿਸ ਨੋ ਕ੍ਰਿਪਾ ਕਰਹਿ ਬਡਭਾਗੈ ॥
ਨਾਮੁ ਜਪਤ ਪਾਵਹਿ ਬਿਸ੍ਰਾਮੁ ॥
ਨਾਨਕ ਤਿਨ ਪੁਰਖ ਕਉ ਊਤਮ ਕਰਿ ਮਾਨੁ ॥੭॥
ਜੋ ਕਿਛੁ ਕਰੈ ਸੁ ਪ੍ਰਭ ਕੈ ਰੰਗਿ ॥
ਸਦਾ ਸਦਾ ਬਸੈ ਹਰਿ ਸੰਗਿ ॥
ਸਹਜ ਸੁਭਾਇ ਹੋਵੈ ਸੋ ਹੋਇ ॥
ਕਰਣੈਹਾਰੁ ਪਛਾਣੈ ਸੋਇ ॥
ਪ੍ਰਭ ਕਾ ਕੀਆ ਜਨ ਮੀਠ ਲਗਾਨਾ ॥
ਜੈਸਾ ਸਾ ਤੈਸਾ ਦ੍ਰਿਸਟਾਨਾ ॥
ਜਿਸ ਤੇ ਉਪਜੇ ਤਿਸੁ ਮਾਹਿ ਸਮਾਏ ॥

ਓਇ ਸੁਖ ਨਿਧਾਨ ਉਨਹੂ ਬਨਿ ਆਏ ॥
ਆਪਸ ਕਉ ਆਪਿ ਦੀਨੋ ਮਾਨੁ ॥
ਨਾਨਕ ਪ੍ਰਭ ਜਨੁ ਏਕੋ ਜਾਨੁ ॥੮॥੧੪॥

ਸਲੋਕੁ ॥
ਸਰਬ ਕਲਾ ਭਰਪੂਰ
ਪ੍ਰਭ ਬਿਰਥਾ ਜਾਨਨਹਾਰ ॥
ਜਾ ਕੈ ਸਿਮਰਨਿ ਉਧਰੀਐ
ਨਾਨਕ ਤਿਸੁ ਬਲਿਹਾਰ ॥੧॥

ਅਸਟਪਦੀ ॥
ਟੂਟੀ ਗਾਢਨਹਾਰ ਗੋੁਪਾਲ ॥
ਸਰਬ ਜੀਆ ਆਪੇ ਪ੍ਰਤਿਪਾਲ ॥
ਸਗਲ ਕੀ ਚਿੰਤਾ ਜਿਸੁ ਮਨ ਮਾਹਿ ॥
ਤਿਸ ਤੇ ਬਿਰਥਾ ਕੋਈ ਨਾਹਿ ॥

ਰੇ ਮਨ ਮੇਰੇ ਸਦਾ ਹਰਿ ਜਾਪਿ ॥
ਅਬਿਨਾਸੀ ਪ੍ਰਭੁ ਆਪੇ ਆਪਿ ॥
ਆਪਨ ਕੀਆ ਕਛੂ ਨ ਹੋਇ ॥
ਜੇ ਸਉ ਪ੍ਰਾਨੀ ਲੋਚੈ ਕੋਇ ॥
ਤਿਸੁ ਬਿਨੁ ਨਾਹੀ ਤੇਰੈ ਕਿਛੁ ਕਾਮ ॥
ਗਤਿ ਨਾਨਕ ਜਪਿ ਏਕ ਹਰਿ ਨਾਮ ॥੧॥
ਰੂਪਵੰਤੁ ਹੋਇ ਨਾਹੀ ਮੋਹੈ ॥
ਪ੍ਰਭ ਕੀ ਜੋਤਿ ਸਗਲ ਘਟ ਸੋਹੈ ॥
ਧਨਵੰਤਾ ਹੋਇ ਕਿਆ ਕੋ ਗਰਬੈ ॥
ਜਾ ਸਭੁ ਕਿਛੁ ਤਿਸ ਕਾ ਦੀਆ ਦਰਬੈ ॥
ਅਤਿ ਸੂਰਾ ਜੇ ਕੋਊ ਕਹਾਵੈ ॥
ਪ੍ਰਭ ਕੀ ਕਲਾ ਬਿਨਾ ਕਹ ਧਾਵੈ ॥
ਜੇ ਕੋ ਹੋਇ ਬਹੈ ਦਾਤਾਰੁ ॥
ਤਿਸੁ ਦੇਨਹਾਰੁ ਜਾਨੈ ਗਾਵਾਰੁ ॥
ਜਿਸੁ ਗੁਰ ਪ੍ਰਸਾਦਿ ਤੂਟੈ ਹਉ ਰੋਗੁ ॥

ਨਾਨਕ ਸੋ ਜਨੁ ਸਦਾ ਅਰੋਗੁ ॥੨॥
ਜਿਉ ਮੰਦਰ ਕਉ ਥਾਮੈ ਥੰਮਨੁ ॥
ਤਿਉ ਗੁਰ ਕਾ ਸਬਦੁ ਮਨਹਿ ਅਸਥੰਮਨੁ ॥
ਜਿਉ ਪਾਖਾਣੁ ਨਾਵ ਚੜਿ ਤਰੈ ॥
ਪ੍ਰਾਣੀ ਗੁਰ ਚਰਣ ਲਗਤੁ ਨਿਸਤਰੈ ॥
ਜਿਉ ਅੰਧਕਾਰ ਦੀਪਕ ਪਰਗਾਸੁ ॥
ਗੁਰ ਦਰਸਨੁ ਦੇਖਿ ਮਨਿ ਹੋਇ ਬਿਗਾਸੁ ॥
ਜਿਉ ਮਹਾ ਉਦਿਆਨ ਮਹਿ ਮਾਰਗੁ ਪਾਵੈ ॥
ਤਿਉ ਸਾਧੂ ਸੰਗਿ ਮਿਲਿ ਜੋਤਿ ਪ੍ਰਗਟਾਵੈ ॥
ਤਿਨ ਸੰਤਨ ਕੀ ਬਾਛਉ ਧੂਰਿ ॥
ਨਾਨਕ ਕੀ ਹਰਿ ਲੋਚਾ ਪੂਰਿ ॥੩॥
ਮਨ ਮੂਰਖ ਕਾਹੇ ਬਿਲਲਾਈਐ ॥
ਪੁਰਬ ਲਿਖੇ ਕਾ ਲਿਖਿਆ ਪਾਈਐ ॥
ਦੂਖ ਸੂਖ ਪ੍ਰਭ ਦੇਵਨਹਾਰੁ ॥
ਅਵਰ ਤਿਆਗਿ ਤੂ ਤਿਸਹਿ ਚਿਤਾਰੁ ॥

ਜੋ ਕਛੁ ਕਰੈ ਸੋਈ ਸੁਖੁ ਮਾਨੁ ॥
ਭੂਲਾ ਕਾਹੇ ਫਿਰਹਿ ਅਜਾਨ ॥
ਕਉਨ ਬਸਤੁ ਆਈ ਤੇਰੈ ਸੰਗ ॥
ਲਪਟਿ ਰਹਿਓ ਰਸਿ ਲੋਭੀ ਪਤੰਗ ॥
ਰਾਮ ਨਾਮ ਜਪਿ ਹਿਰਦੇ ਮਾਹਿ ॥
ਨਾਨਕ ਪਤਿ ਸੇਤੀ ਘਰਿ ਜਾਹਿ ॥੪॥
ਜਿਸੁ ਵਖਰ ਕਉ ਲੈਨਿ ਤੂ ਆਇਆ ॥
ਰਾਮ ਨਾਮੁ ਸੰਤਨ ਘਰਿ ਪਾਇਆ ॥
ਤਜਿ ਅਭਿਮਾਨੁ ਲੇਹੁ ਮਨ ਮੋਲਿ ॥
ਰਾਮ ਨਾਮੁ ਹਿਰਦੇ ਮਹਿ ਤੋਲਿ ॥
ਲਾਦਿ ਖੇਪ ਸੰਤਹ ਸੰਗਿ ਚਾਲੁ ॥
ਅਵਰ ਤਿਆਗਿ ਬਿਖਿਆ ਜੰਜਾਲ ॥
ਧੰਨਿ ਧੰਨਿ ਕਹੈ ਸਭੁ ਕੋਇ ॥
ਮੁਖ ਊਜਲ ਹਰਿ ਦਰਗਹ ਸੋਇ ॥
ਇਹੁ ਵਾਪਾਰੁ ਵਿਰਲਾ ਵਾਪਾਰੈ ॥

ਨਾਨਕ ਤਾ ਕੈ ਸਦ ਬਲਿਹਾਰੈ ॥੫॥
ਚਰਨ ਸਾਧ ਕੇ ਧੋਇ ਧੋਇ ਪੀਉ ॥
ਅਰਪਿ ਸਾਧ ਕਉ ਅਪਨਾ ਜੀਉ ॥
ਸਾਧ ਕੀ ਧੂਰਿ ਕਰਹੁ ਇਸਨਾਨੁ ॥
ਸਾਧ ਊਪਰਿ ਜਾਈਐ ਕੁਰਬਾਨੁ ॥
ਸਾਧ ਸੇਵਾ ਵਡਭਾਗੀ ਪਾਈਐ ॥
ਸਾਧਸੰਗਿ ਹਰਿ ਕੀਰਤਨੁ ਗਾਈਐ ॥
ਅਨਿਕ ਬਿਘਨ ਤੇ ਸਾਧੂ ਰਾਖੈ ॥
ਹਰਿ ਗੁਨ ਗਾਇ ਅੰਮ੍ਰਿਤ ਰਸੁ ਚਾਖੈ ॥
ਓਟ ਗਹੀ ਸੰਤਹ ਦਰਿ ਆਇਆ ॥
ਸਰਬ ਸੂਖ ਨਾਨਕ ਤਿਹ ਪਾਇਆ ॥੬॥
ਮਿਰਤਕ ਕਉ ਜੀਵਾਲਨਹਾਰ ॥
ਭੂਖੇ ਕਉ ਦੇਵਤ ਅਧਾਰ ॥
ਸਰਬ ਨਿਧਾਨ ਜਾ ਕੀ ਦ੍ਰਿਸਟੀ ਮਾਹਿ ॥
ਪੁਰਬ ਲਿਖੇ ਕਾ ਲਹਣਾ ਪਾਹਿ ॥

ਸਭੁ ਕਿਛੁ ਤਿਸ ਕਾ ਓਹੁ ਕਰਨੈ ਜੋਗੁ ॥
ਤਿਸੁ ਬਿਨੁ ਦੂਸਰ ਹੋਆ ਨ ਹੋਗੁ ॥
ਜਪਿ ਜਨ ਸਦਾ ਸਦਾ ਦਿਨੁ ਰੈਣੀ ॥
ਸਭ ਤੇ ਊਚ ਨਿਰਮਲ ਇਹ ਕਰਣੀ ॥
ਕਰਿ ਕਿਰਪਾ ਜਿਸ ਕਉ ਨਾਮੁ ਦੀਆ ॥
ਨਾਨਕ ਸੋ ਜਨੁ ਨਿਰਮਲੁ ਥੀਆ ॥੭॥
ਜਾ ਕੈ ਮਨਿ ਗੁਰ ਕੀ ਪਰਤੀਤਿ ॥
ਤਿਸੁ ਜਨ ਆਵੈ ਹਰਿ ਪ੍ਰਭੁ ਚੀਤਿ ॥
ਭਗਤੁ ਭਗਤੁ ਸੁਨੀਐ ਤਿਹੁ ਲੋਇ ॥
ਜਾ ਕੈ ਹਿਰਦੈ ਏਕੋ ਹੋਇ ॥
ਸਚੁ ਕਰਣੀ ਸਚੁ ਤਾ ਕੀ ਰਹਤ ॥
ਸਚੁ ਹਿਰਦੈ ਸਤਿ ਮੁਖਿ ਕਹਤ ॥
ਸਾਚੀ ਦ੍ਰਿਸਟਿ ਸਾਚਾ ਆਕਾਰੁ ॥
ਸਚੁ ਵਰਤੈ ਸਾਚਾ ਪਾਸਾਰੁ ॥
ਪਾਰਬ੍ਰਹਮੁ ਜਿਨਿ ਸਚੁ ਕਰਿ ਜਾਤਾ ॥

ਨਾਨਕ ਸੋ ਜਨੁ ਸਚਿ ਸਮਾਤਾ ॥੮॥੧੫॥

ਸਲੋਕੁ ॥
ਰੂਪੁ ਨ ਰੇਖ ਨ ਰੰਗੁ ਕਿਛੁ
ਤ੍ਰਿਹੁ ਗੁਣ ਤੇ ਪ੍ਰਭ ਭਿੰਨ ॥
ਤਿਸਹਿ ਬੁਝਾਏ ਨਾਨਕਾ
ਜਿਸੁ ਹੋਵੈ ਸੁਪ੍ਰਸੰਨ ॥੧॥

ਅਸਟਪਦੀ ॥
ਅਬਿਨਾਸੀ ਪ੍ਰਭੁ ਮਨ ਮਹਿ ਰਾਖੁ ॥
ਮਾਨੁਖ ਕੀ ਤੂ ਪ੍ਰੀਤਿ ਤਿਆਗੁ ॥
ਤਿਸ ਤੇ ਪਰੈ ਨਾਹੀ ਕਿਛੁ ਕੋਇ ॥
ਸਰਬ ਨਿਰੰਤਰਿ ਏਕੋ ਸੋਇ ॥
ਆਪੇ ਬੀਨਾ ਆਪੇ ਦਾਨਾ ॥
ਗਹਿਰ ਗੰਭੀਰੁ ਗਹੀਰੁ ਸੁਜਾਨਾ ॥

ਪਾਰਬ੍ਰਹਮ ਪਰਮੇਸੁਰ ਗੋਬਿੰਦ ॥
ਕ੍ਰਿਪਾ ਨਿਧਾਨ ਦਇਆਲ ਬਖਸੰਦ ॥
ਸਾਧ ਤੇਰੇ ਕੀ ਚਰਨੀ ਪਾਉ ॥
ਨਾਨਕ ਕੈ ਮਨਿ ਇਹੁ ਅਨਰਾਉ ॥੧॥
ਮਨਸਾ ਪੂਰਨ ਸਰਨਾ ਜੋਗ ॥
ਜੋ ਕਰਿ ਪਾਇਆ ਸੋਈ ਹੋਗੁ ॥
ਹਰਨ ਭਰਨ ਜਾ ਕਾ ਨੇਤ੍ਰ ਫੋਰੁ ॥
ਤਿਸ ਕਾ ਮੰਤ੍ਰੁ ਨ ਜਾਨੈ ਹੋਰੁ ॥
ਅਨਦ ਰੂਪ ਮੰਗਲ ਸਦ ਜਾ ਕੈ ॥
ਸਰਬ ਥੋਕ ਸੁਨੀਅਹਿ ਘਰਿ ਤਾ ਕੈ ॥
ਰਾਜ ਮਹਿ ਰਾਜੁ ਜੋਗ ਮਹਿ ਜੋਗੀ ॥
ਤਪ ਮਹਿ ਤਪੀਸਰੁ ਗ੍ਰਿਹਸਤ ਮਹਿ ਭੋਗੀ ॥
ਧਿਆਇ ਧਿਆਇ ਭਗਤਹ ਸੁਖੁ ਪਾਇਆ ॥
ਨਾਨਕ ਤਿਸੁ ਪੁਰਖ ਕਾ ਕਿਨੈ ਅੰਤੁ ਨ
ਪਾਇਆ ॥੨॥

ਜਾ ਕੀ ਲੀਲਾ ਕੀ ਮਿਤਿ ਨਾਹਿ ॥
ਸਗਲ ਦੇਵ ਹਾਰੇ ਅਵਗਾਹਿ ॥
ਪਿਤਾ ਕਾ ਜਨਮੁ ਕਿ ਜਾਨੈ ਪੂਤੁ ॥
ਸਗਲ ਪਰੋਈ ਅਪੁਨੈ ਸੂਤਿ ॥
ਸੁਮਤਿ ਗਿਆਨੁ ਧਿਆਨੁ ਜਿਨ ਦੇਇ ॥
ਜਨ ਦਾਸ ਨਾਮੁ ਧਿਆਵਹਿ ਸੇਇ ॥
ਤਿਹੁ ਗੁਣ ਮਹਿ ਜਾ ਕਉ ਭਰਮਾਏ ॥
ਜਨਮਿ ਮਰੈ ਫਿਰਿ ਆਵੈ ਜਾਏ ॥
ਊਚ ਨੀਚ ਤਿਸ ਕੇ ਅਸਥਾਨ ॥
ਜੈਸਾ ਜਨਾਵੈ ਤੈਸਾ ਨਾਨਕ ਜਾਨ ॥੩॥
ਨਾਨਾ ਰੂਪ ਨਾਨਾ ਜਾ ਕੇ ਰੰਗ ॥
ਨਾਨਾ ਭੇਖ ਕਰਹਿ ਇਕ ਰੰਗ ॥
ਨਾਨਾ ਬਿਧਿ ਕੀਨੋ ਬਿਸਥਾਰੁ ॥
ਪ੍ਰਭੁ ਅਬਿਨਾਸੀ ਏਕੰਕਾਰੁ ॥
ਨਾਨਾ ਚਲਿਤ ਕਰੇ ਖਿਨ ਮਾਹਿ ॥

ਪੂਰਿ ਰਹਿਓ ਪੂਰਨੁ ਸਭ ਠਾਇ ॥
ਨਾਨਾ ਬਿਧਿ ਕਰਿ ਬਨਤ ਬਨਾਈ ॥
ਅਪਨੀ ਕੀਮਤਿ ਆਪੇ ਪਾਈ ॥
ਸਭ ਘਟ ਤਿਸ ਕੇ ਸਭ ਤਿਸ ਕੇ ਠਾਉ ॥
ਜਪਿ ਜਪਿ ਜੀਵੈ ਨਾਨਕ ਹਰਿ ਨਾਉ ॥੪॥
ਨਾਮ ਕੇ ਧਾਰੇ ਸਗਲੇ ਜੰਤ ॥
ਨਾਮ ਕੇ ਧਾਰੇ ਖੰਡ ਬ੍ਰਹਮੰਡ ॥
ਨਾਮ ਕੇ ਧਾਰੇ ਸਿਮ੍ਰਿਤਿ ਬੇਦ ਪੁਰਾਨ ॥
ਨਾਮ ਕੇ ਧਾਰੇ ਸੁਨਨ ਗਿਆਨ ਧਿਆਨ ॥
ਨਾਮ ਕੇ ਧਾਰੇ ਆਗਾਸ ਪਾਤਾਲ ॥
ਨਾਮ ਕੇ ਧਾਰੇ ਸਗਲ ਆਕਾਰ ॥
ਨਾਮ ਕੇ ਧਾਰੇ ਪੁਰੀਆ ਸਭ ਭਵਨ ॥
ਨਾਮ ਕੈ ਸੰਗਿ ਉਧਰੇ ਸੁਨਿ ਸ੍ਰਵਨ ॥
ਕਰਿ ਕਿਰਪਾ ਜਿਸੁ ਆਪਨੈ ਨਾਮਿ ਲਾਏ ॥
ਨਾਨਕ ਚਉਥੇ ਪਦ ਮਹਿ ਸੋ ਜਨੁ ਗਤਿ ਪਾਏ ॥੫॥

ਰੂਪੁ ਸਤਿ ਜਾ ਕਾ ਸਤਿ ਅਸਥਾਨੁ ॥
ਪੁਰਖੁ ਸਤਿ ਕੇਵਲ ਪਰਧਾਨੁ ॥
ਕਰਤੂਤਿ ਸਤਿ ਸਤਿ ਜਾ ਕੀ ਬਾਣੀ ॥
ਸਤਿ ਪੁਰਖ ਸਭ ਮਾਹਿ ਸਮਾਣੀ ॥
ਸਤਿ ਕਰਮੁ ਜਾ ਕੀ ਰਚਨਾ ਸਤਿ ॥
ਮੂਲੁ ਸਤਿ ਸਤਿ ਉਤਪਤਿ ॥
ਸਤਿ ਕਰਣੀ ਨਿਰਮਲ ਨਿਰਮਲੀ ॥
ਜਿਸਹਿ ਬੁਝਾਏ ਤਿਸਹਿ ਸਭ ਭਲੀ ॥
ਸਤਿ ਨਾਮੁ ਪ੍ਰਭ ਕਾ ਸੁਖਦਾਈ ॥
ਬਿਸ੍ਵਾਸੁ ਸਤਿ ਨਾਨਕ ਗੁਰ ਤੇ ਪਾਈ ॥੬॥
ਸਤਿ ਬਚਨ ਸਾਧੂ ਉਪਦੇਸ ॥
ਸਤਿ ਤੇ ਜਨ ਜਾ ਕੈ ਰਿਦੈ ਪ੍ਰਵੇਸ ॥
ਸਤਿ ਨਿਰਤਿ ਬੂਝੈ ਜੇ ਕੋਇ ॥
ਨਾਮੁ ਜਪਤ ਤਾ ਕੀ ਗਤਿ ਹੋਇ ॥
ਆਪਿ ਸਤਿ ਕੀਆ ਸਭੁ ਸਤਿ ॥

ਆਪੇ ਜਾਨੈ ਅਪਨੀ ਮਿਤਿ ਗਤਿ ॥
ਜਿਸ ਕੀ ਸ੍ਰਿਸਟਿ ਸੁ ਕਰਣੈਹਾਰੁ ॥
ਅਵਰ ਨ ਬੂਝਿ ਕਰਤ ਬੀਚਾਰੁ ॥
ਕਰਤੇ ਕੀ ਮਿਤਿ ਨ ਜਾਨੈ ਕੀਆ ॥
ਨਾਨਕ ਜੋ ਤਿਸੁ ਭਾਵੈ ਸੋ ਵਰਤੀਆ ॥੭॥
ਬਿਸਮਨ ਬਿਸਮ ਭਏ ਬਿਸਮਾਦ ॥
ਜਿਨਿ ਬੂਝਿਆ ਤਿਸੁ ਆਇਆ ਸ੍ਵਾਦ ॥
ਪ੍ਰਭ ਕੈ ਰੰਗਿ ਰਾਚਿ ਜਨ ਰਹੇ ॥
ਗੁਰ ਕੈ ਬਚਨਿ ਪਦਾਰਥ ਲਹੇ ॥
ਓਇ ਦਾਤੇ ਦੁਖ ਕਾਟਨਹਾਰ ॥
ਜਾ ਕੈ ਸੰਗਿ ਤਰੈ ਸੰਸਾਰ ॥
ਜਨ ਕਾ ਸੇਵਕੁ ਸੋ ਵਡਭਾਗੀ ॥
ਜਨ ਕੈ ਸੰਗਿ ਏਕ ਲਿਵ ਲਾਗੀ ॥
ਗੁਨ ਗੋਬਿਦ ਕੀਰਤਨੁ ਜਨੁ ਗਾਵੈ ॥
ਗੁਰ ਪ੍ਰਸਾਦਿ ਨਾਨਕ ਫਲੁ ਪਾਵੈ ॥੮॥੧੬

ਸਲੋਕੁ ॥
ਆਦਿ ਸਚੁ ਜੁਗਾਦਿ ਸਚੁ ॥
ਹੈ ਭਿ ਸਚੁ ਨਾਨਕ ਹੋਸੀ ਭਿ ਸਚੁ ॥੧॥

ਅਸਟਪਦੀ ॥
ਚਰਨ ਸਤਿ ਸਤਿ ਪਰਸਨਹਾਰ ॥
ਪੂਜਾ ਸਤਿ ਸਤਿ ਸੇਵਦਾਰ ॥
ਦਰਸਨੁ ਸਤਿ ਸਤਿ ਪੇਖਨਹਾਰ ॥
ਨਾਮੁ ਸਤਿ ਸਤਿ ਧਿਆਵਨਹਾਰ ॥
ਆਪਿ ਸਤਿ ਸਤਿ ਸਭ ਧਾਰੀ ॥
ਆਪੇ ਗੁਣ ਆਪੇ ਗੁਣਕਾਰੀ ॥
ਸਬਦੁ ਸਤਿ ਸਤਿ ਪ੍ਰਭੁ ਬਕਤਾ ॥
ਸੁਰਤਿ ਸਤਿ ਸਤਿ ਜਸੁ ਸੁਨਤਾ ॥
ਬੁਝਨਹਾਰ ਕਉ ਸਤਿ ਸਭ ਹੋਇ ॥
ਨਾਨਕ ਸਤਿ ਸਤਿ ਪ੍ਰਭੁ ਸੋਇ ॥੧॥

ਸਤਿ ਸਰੂਪੁ ਰਿਦੈ ਜਿਨਿ ਮਾਨਿਆ ॥
ਕਰਨ ਕਰਾਵਨ ਤਿਨਿ ਮੂਲੁ ਪਛਾਨਿਆ ॥
ਜਾ ਕੈ ਰਿਦੈ ਬਿਸ੍ਵਾਸੁ ਪ੍ਰਭ ਆਇਆ ॥
ਤਤੁ ਗਿਆਨੁ ਤਿਸੁ ਮਨਿ ਪ੍ਰਗਟਾਇਆ ॥
ਭੈ ਤੇ ਨਿਰਭਉ ਹੋਇ ਬਸਾਨਾ ॥
ਜਿਸ ਤੇ ਉਪਜਿਆ ਤਿਸੁ ਮਾਹਿ ਸਮਾਨਾ ॥
ਬਸਤੁ ਮਾਹਿ ਲੇ ਬਸਤੁ ਗਡਾਈ ॥
ਤਾ ਕਉ ਭਿੰਨ ਨ ਕਹਨਾ ਜਾਈ ॥
ਬੂਝੈ ਬੂਝਨਹਾਰੁ ਬਿਬੇਕ ॥
ਨਾਰਾਇਨ ਮਿਲੇ ਨਾਨਕ ਏਕ ॥੨॥
ਠਾਕੁਰ ਕਾ ਸੇਵਕੁ ਆਗਿਆਕਾਰੀ ॥
ਠਾਕੁਰ ਕਾ ਸੇਵਕੁ ਸਦਾ ਪੂਜਾਰੀ ॥
ਠਾਕੁਰ ਕੇ ਸੇਵਕ ਕੈ ਮਨਿ ਪਰਤੀਤਿ ॥
ਠਾਕੁਰ ਕੇ ਸੇਵਕ ਕੀ ਨਿਰਮਲ ਰੀਤਿ ॥
ਠਾਕੁਰ ਕਉ ਸੇਵਕੁ ਜਾਨੈ ਸੰਗਿ ॥

ਪ੍ਰਭ ਕਾ ਸੇਵਕੁ ਨਾਮ ਕੈ ਰੰਗਿ ॥
ਸੇਵਕ ਕਉ ਪ੍ਰਭ ਪਾਲਨਹਾਰਾ ॥
ਸੇਵਕ ਕੀ ਰਾਖੈ ਨਿਰੰਕਾਰਾ ॥
ਸੋ ਸੇਵਕੁ ਜਿਸੁ ਦਇਆ ਪ੍ਰਭੁ ਧਾਰੈ ॥
ਨਾਨਕ ਸੋ ਸੇਵਕੁ ਸਾਸਿ ਸਾਸਿ ਸਮਾਰੈ ॥੩॥
ਅਪੁਨੇ ਜਨ ਕਾ ਪਰਦਾ ਢਾਕੈ ॥
ਅਪਨੇ ਸੇਵਕ ਕੀ ਸਰਪਰ ਰਾਖੈ ॥
ਅਪਨੇ ਦਾਸ ਕਉ ਦੇਇ ਵਡਾਈ ॥
ਅਪਨੇ ਸੇਵਕ ਕਉ ਨਾਮੁ ਜਪਾਈ ॥
ਅਪਨੇ ਸੇਵਕ ਕੀ ਆਪਿ ਪਤਿ ਰਾਖੈ ॥
ਤਾ ਕੀ ਗਤਿ ਮਿਤਿ ਕੋਇ ਨ ਲਾਖੈ ॥
ਪ੍ਰਭ ਕੇ ਸੇਵਕ ਕਉ ਕੋ ਨ ਪਹੂਚੈ ॥
ਪ੍ਰਭ ਕੇ ਸੇਵਕ ਊਚ ਤੇ ਊਚੇ ॥
ਜੋ ਪ੍ਰਭਿ ਅਪਨੀ ਸੇਵਾ ਲਾਇਆ ॥
ਨਾਨਕ ਸੋ ਸੇਵਕੁ ਦਹ ਦਿਸਿ ਪ੍ਰਗਟਾਇਆ ॥੪॥

ਨੀਕੀ ਕੀਰੀ ਮਹਿ ਕਲ ਰਾਖੈ ॥
ਭਸਮ ਕਰੈ ਲਸਕਰ ਕੋਟਿ ਲਾਖੈ ॥
ਜਿਸ ਕਾ ਸਾਸੁ ਨ ਕਾਢਤ ਆਪਿ ॥
ਤਾ ਕਉ ਰਾਖਤ ਦੇ ਕਰਿ ਹਾਥ ॥
ਮਾਨਸ ਜਤਨ ਕਰਤ ਬਹੁ ਭਾਤਿ ॥
ਤਿਸ ਕੇ ਕਰਤਬ ਬਿਰਥੇ ਜਾਤਿ ॥
ਮਾਰੈ ਨ ਰਾਖੈ ਅਵਰੁ ਨ ਕੋਇ ॥
ਸਰਬ ਜੀਆ ਕਾ ਰਾਖਾ ਸੋਇ ॥
ਕਾਹੇ ਸੋਚ ਕਰਹਿ ਰੇ ਪ੍ਰਾਣੀ ॥
ਜਪਿ ਨਾਨਕ ਪ੍ਰਭ ਅਲਖ ਵਿਡਾਣੀ ॥੫॥
ਬਾਰੰ ਬਾਰ ਬਾਰ ਪ੍ਰਭੁ ਜਪੀਐ ॥
ਪੀ ਅੰਮ੍ਰਿਤੁ ਇਹੁ ਮਨੁ ਤਨੁ ਧ੍ਰਪੀਐ ॥
ਨਾਮ ਰਤਨੁ ਜਿਨਿ ਗੁਰਮੁਖਿ ਪਾਇਆ ॥
ਤਿਸੁ ਕਿਛੁ ਅਵਰੁ ਨਾਹੀ ਦ੍ਰਿਸਟਾਇਆ ॥
ਨਾਮੁ ਧਨੁ ਨਾਮੋ ਰੂਪੁ ਰੰਗੁ ॥

ਨਾਮੋ ਸੁਖੁ ਹਰਿ ਨਾਮ ਕਾ ਸੰਗੁ ॥
ਨਾਮ ਰਸਿ ਜੋ ਜਨ ਤ੍ਰਿਪਤਾਨੇ ॥
ਮਨ ਤਨ ਨਾਮਹਿ ਨਾਮਿ ਸਮਾਨੇ ॥
ਊਠਤ ਬੈਠਤ ਸੋਵਤ ਨਾਮ ॥
ਕਹੁ ਨਾਨਕ ਜਨ ਕੈ ਸਦ ਕਾਮ ॥੬॥
ਬੋਲਹੁ ਜਸੁ ਜਿਹਬਾ ਦਿਨੁ ਰਾਤਿ ॥
ਪ੍ਰਭਿ ਅਪਨੈ ਜਨ ਕੀਨੀ ਦਾਤਿ ॥
ਕਰਹਿ ਭਗਤਿ ਆਤਮ ਕੈ ਚਾਇ ॥
ਪ੍ਰਭ ਅਪਨੇ ਸਿਉ ਰਹਹਿ ਸਮਾਇ ॥
ਜੋ ਹੋਆ ਹੋਵਤ ਸੋ ਜਾਨੈ ॥
ਪ੍ਰਭ ਅਪਨੇ ਕਾ ਹੁਕਮੁ ਪਛਾਨੈ ॥
ਤਿਸ ਕੀ ਮਹਿਮਾ ਕਉਨ ਬਖਾਨਉ ॥
ਤਿਸ ਕਾ ਗੁਨੁ ਕਹਿ ਏਕ ਨ ਜਾਨਉ ॥
ਆਠ ਪਹਰ ਪ੍ਰਭ ਬਸਹਿ ਹਜੂਰੇ ॥
ਕਹੁ ਨਾਨਕ ਸੇਈ ਜਨ ਪੂਰੇ ॥੭॥

ਮਨ ਮੇਰੇ ਤਿਨ ਕੀ ਓਟ ਲੇਹਿ ॥
ਮਨੁ ਤਨੁ ਅਪਨਾ ਤਿਨ ਜਨ ਦੇਹਿ ॥
ਜਿਨਿ ਜਨਿ ਅਪਨਾ ਪ੍ਰਭੂ ਪਛਾਤਾ ॥
ਸੋ ਜਨੁ ਸਰਬ ਥੋਕ ਕਾ ਦਾਤਾ ॥
ਤਿਸ ਕੀ ਸਰਨਿ ਸਰਬ ਸੁਖ ਪਾਵਹਿ ॥
ਤਿਸ ਕੈ ਦਰਸਿ ਸਭ ਪਾਪ ਮਿਟਾਵਹਿ ॥
ਅਵਰ ਸਿਆਨਪ ਸਗਲੀ ਛਾਡੁ ॥
ਤਿਸੁ ਜਨ ਕੀ ਤੂ ਸੇਵਾ ਲਾਗੁ ॥
ਆਵਨੁ ਜਾਨੁ ਨ ਹੋਵੀ ਤੇਰਾ ॥
ਨਾਨਕ ਤਿਸੁ ਜਨ ਕੇ ਪੂਜਹੁ ਸਦ ਪੈਰਾ
॥੮॥੧੭॥

ਸਲੋਕੁ ॥
ਸਤਿ ਪੁਰਖੁ ਜਿਨਿ ਜਾਨਿਆ
ਸਤਿਗੁਰੁ ਤਿਸ ਕਾ ਨਾਉ ॥
ਤਿਸ ਕੈ ਸੰਗਿ ਸਿਖੁ ਉਧਰੈ
ਨਾਨਕ ਹਰਿ ਗੁਨ ਗਾਉ ॥੧॥

ਅਸਟਪਦੀ ॥
ਸਤਿਗੁਰੁ ਸਿਖ ਕੀ ਕਰੈ ਪ੍ਰਤਿਪਾਲ ॥
ਸੇਵਕ ਕਉ ਗੁਰੁ ਸਦਾ ਦਇਆਲ ॥
ਸਿਖ ਕੀ ਗੁਰੁ ਦੁਰਮਤਿ ਮਲੁ ਹਿਰੈ ॥
ਗੁਰ ਬਚਨੀ ਹਰਿ ਨਾਮੁ ਉਚਰੈ ॥
ਸਤਿਗੁਰੁ ਸਿਖ ਕੇ ਬੰਧਨ ਕਾਟੈ ॥
ਗੁਰ ਕਾ ਸਿਖੁ ਬਿਕਾਰ ਤੇ ਹਾਟੈ ॥
ਸਤਿਗੁਰੁ ਸਿਖ ਕਉ ਨਾਮ ਧਨੁ ਦੇਇ ॥
ਗੁਰ ਕਾ ਸਿਖੁ ਵਡਭਾਗੀ ਹੇ ॥

ਸਤਿਗੁਰੁ ਸਿਖ ਕਾ ਹਲਤੁ ਪਲਤੁ ਸਵਾਰੈ ॥
ਨਾਨਕ ਸਤਿਗੁਰੁ ਸਿਖ ਕਉ
ਜੀਅ ਨਾਲਿ ਸਮਾਰੈ ॥੧॥
ਗੁਰ ਕੈ ਗ੍ਰਿਹਿ ਸੇਵਕੁ ਜੋ ਰਹੈ ॥
ਗੁਰ ਕੀ ਆਗਿਆ ਮਨ ਮਹਿ ਸਹੈ ॥
ਆਪਸ ਕਉ ਕਰਿ ਕਛੁ ਨ ਜਨਾਵੈ ॥
ਹਰਿ ਹਰਿ ਨਾਮੁ ਰਿਦੈ ਸਦ ਧਿਆਵੈ ॥
ਮਨੁ ਬੇਚੈ ਸਤਿਗੁਰ ਕੈ ਪਾਸਿ ॥
ਤਿਸੁ ਸੇਵਕ ਕੇ ਕਾਰਜ ਰਾਸਿ ॥
ਸੇਵਾ ਕਰਤ ਹੋਇ ਨਿਹਕਾਮੀ ॥
ਤਿਸ ਕਉ ਹੋਤ ਪਰਾਪਤਿ ਸੁਆਮੀ ॥
ਅਪਨੀ ਕ੍ਰਿਪਾ ਜਿਸੁ ਆਪਿ ਕਰੇਇ ॥
ਨਾਨਕ ਸੋ ਸੇਵਕੁ ਗੁਰ ਕੀ ਮਤਿ ਲੇਇ ॥੨॥
ਬੀਸ ਬਿਸਵੇ ਗੁਰ ਕਾ ਮਨੁ ਮਾਨੈ ॥
ਸੋ ਸੇਵਕੁ ਪਰਮੇਸੁਰ ਕੀ ਗਤਿ ਜਾਨੈ ॥

ਸੋ ਸਤਿਗੁਰੁ ਜਿਸੁ ਰਿਦੈ ਹਰਿ ਨਾਉ ॥
ਅਨਿਕ ਬਾਰ ਗੁਰ ਕਉ ਬਲਿ ਜਾਉ ॥
ਸਰਬ ਨਿਧਾਨ ਜੀਅ ਕਾ ਦਾਤਾ ॥
ਆਠ ਪਹਰ ਪਾਰਬ੍ਰਹਮ ਰੰਗਿ ਰਾਤਾ ॥
ਬ੍ਰਹਮ ਮਹਿ ਜਨੁ ਜਨ ਮਹਿ ਪਾਰਬ੍ਰਹਮੁ ॥
ਏਕਹਿ ਆਪਿ ਨਹੀ ਕਛੁ ਭਰਮੁ ॥
ਸਹਸ ਸਿਆਨਪ ਲਇਆ ਨ ਜਾਈਐ ॥
ਨਾਨਕ ਐਸਾ ਗੁਰੁ ਬਡਭਾਗੀ ਪਾਈਐ ॥੩॥
ਸਫਲ ਦਰਸਨੁ ਪੇਖਤ ਪੁਨੀਤ ॥
ਪਰਸਤ ਚਰਨ ਗਤਿ ਨਿਰਮਲ ਰੀਤਿ ॥
ਭੇਟਤ ਸੰਗਿ ਰਾਮ ਗੁਨ ਰਵੇ ॥
ਪਾਰਬ੍ਰਹਮ ਕੀ ਦਰਗਹ ਗਵੇ ॥
ਸੁਨਿ ਕਰਿ ਬਚਨ ਕਰਨ ਆਘਾਨੇ ॥
ਮਨਿ ਸੰਤੋਖੁ ਆਤਮ ਪਤੀਆਨੇ ॥
ਪੂਰਾ ਗੁਰੁ ਅਖੵਓ ਜਾ ਕਾ ਮੰਤ੍ਰ ॥

ਅੰਮ੍ਰਿਤ ਦ੍ਰਿਸਟਿ ਪੇਖੈ ਹੋਇ ਸੰਤ ॥
ਗੁਣ ਬਿਅੰਤ ਕੀਮਤਿ ਨਹੀ ਪਾਇ ॥
ਨਾਨਕ ਜਿਸੁ ਭਾਵੈ ਤਿਸੁ ਲਏ ਮਿਲਾਇ ॥੪॥
ਜਿਹਬਾ ਏਕ ਉਸਤਤਿ ਅਨੇਕ ॥
ਸਤਿ ਪੁਰਖ ਪੂਰਨ ਬਿਬੇਕ ॥
ਕਾਹੂ ਬੋਲ ਨ ਪਹੁਚਤ ਪ੍ਰਾਨੀ ॥
ਅਗਮ ਅਗੋਚਰ ਪ੍ਰਭ ਨਿਰਬਾਨੀ ॥
ਨਿਰਾਹਾਰ ਨਿਰਵੈਰ ਸੁਖਦਾਈ ॥
ਤਾ ਕੀ ਕੀਮਤਿ ਕਿਨੈ ਨ ਪਾਈ ॥
ਅਨਿਕ ਭਗਤ ਬੰਦਨ ਨਿਤ ਕਰਹਿ ॥
ਚਰਨ ਕਮਲ ਹਿਰਦੈ ਸਿਮਰਹਿ ॥
ਸਦ ਬਲਿਹਾਰੀ ਸਤਿਗੁਰ ਅਪਨੇ ॥
ਨਾਨਕ ਜਿਸੁ ਪ੍ਰਸਾਦਿ ਐਸਾ ਪ੍ਰਭੁ ਜਪਨੇ ॥੫॥
ਇਹੁ ਹਰਿ ਰਸੁ ਪਾਵੈ ਜਨੁ ਕੋਇ ॥
ਅੰਮ੍ਰਿਤੁ ਪੀਵੈ ਅਮਰੁ ਸੋ ਹੋਇ ॥

ਉਸੁ ਪੁਰਖ ਕਾ ਨਾਹੀ ਕਦੇ ਬਿਨਾਸ ॥
ਜਾ ਕੈ ਮਨਿ ਪ੍ਰਗਟੇ ਗੁਨਤਾਸ ॥
ਆਠ ਪਹਰ ਹਰਿ ਕਾ ਨਾਮੁ ਲੇਇ ॥
ਸਚੁ ਉਪਦੇਸੁ ਸੇਵਕ ਕਉ ਦੇਇ ॥
ਮੋਹ ਮਾਇਆ ਕੈ ਸੰਗਿ ਨ ਲੇਪੁ ॥
ਮਨ ਮਹਿ ਰਾਖੈ ਹਰਿ ਹਰਿ ਏਕੁ ॥
ਅੰਧਕਾਰ ਦੀਪਕ ਪਰਗਾਸੇ ॥
ਨਾਨਕ ਭਰਮ ਮੋਹ ਦੁਖ ਤਹ ਤੇ ਨਾਸੇ ॥੬॥
ਤਪਤਿ ਮਾਹਿ ਠਾਢਿ ਵਰਤਾਈ ॥
ਅਨਦੁ ਭਇਆ ਦੁਖ ਨਾਠੇ ਭਾਈ ॥
ਜਨਮ ਮਰਨ ਕੇ ਮਿਟੇ ਅੰਦੇਸੇ ॥
ਸਾਧੂ ਕੇ ਪੂਰਨ ਉਪਦੇਸੇ ॥
ਭਉ ਚੂਕਾ ਨਿਰਭਉ ਹੋਇ ਬਸੇ ॥
ਸਗਲ ਬਿਆਧਿ ਮਨ ਤੇ ਖੈ ਨਸੇ ॥
ਜਿਸ ਕਾ ਸਾ ਤਿਨਿ ਕਿਰਪਾ ਧਾਰੀ ॥

ਸਾਧਸੰਗਿ ਜਪਿ ਨਾਮੁ ਮੁਰਾਰੀ ॥
ਖਿਤਿ ਪਾਈ ਚੂਕੇ ਭ੍ਰਮ ਗਵਨ ॥
ਸੁਨਿ ਨਾਨਕ ਹਰਿ ਹਰਿ ਜਸੁ ਸ੍ਰਵਨ ॥੭॥
ਨਿਰਗੁਨੁ ਆਪਿ ਸਰਗੁਨੁ ਭੀ ਓਹੀ ॥
ਕਲਾ ਧਾਰਿ ਜਿਨਿ ਸਗਲੀ ਮੋਹੀ ॥
ਅਪਨੇ ਚਰਿਤ ਪ੍ਰਭਿ ਆਪਿ ਬਨਾਏ ॥
ਅਪੁਨੀ ਕੀਮਤਿ ਆਪੇ ਪਾਏ ॥
ਹਰਿ ਬਿਨੁ ਦੂਜਾ ਨਾਹੀ ਕੋਇ ॥
ਸਰਬ ਨਿਰੰਤਰਿ ਏਕੋ ਸੋਇ ॥
ਓਤਿ ਪੋਤਿ ਰਵਿਆ ਰੂਪ ਰੰਗ ॥
ਭਏ ਪ੍ਰਗਾਸ ਸਾਧ ਕੈ ਸੰਗ ॥
ਰਚਿ ਰਚਨਾ ਅਪਨੀ ਕਲ ਧਾਰੀ ॥
ਅਨਿਕ ਬਾਰ ਨਾਨਕ ਬਲਿਹਾਰੀ ॥੮॥੧੮॥

ਸਲੋਕੁ ॥
ਸਾਥਿ ਨ ਚਾਲੈ ਬਿਨੁ ਭਜਨ
ਬਿਖਿਆ ਸਗਲੀ ਛਾਰੁ ॥
ਹਰਿ ਹਰਿ ਨਾਮੁ ਕਮਾਵਨਾ
ਨਾਨਕ ਇਹੁ ਧਨੁ ਸਾਰੁ ॥੧॥

ਅਸਟਪਦੀ ॥
ਸੰਤ ਜਨਾ ਮਿਲਿ ਕਰਹੁ ਬੀਚਾਰੁ ॥
ਏਕੁ ਸਿਮਰਿ ਨਾਮ ਆਧਾਰੁ ॥
ਅਵਰਿ ਉਪਾਵ ਸਭਿ ਮੀਤ ਬਿਸਾਰਹੁ ॥
ਚਰਨ ਕਮਲ ਰਿਦ ਮਹਿ ਉਰਿ ਧਾਰਹੁ ॥
ਕਰਨ ਕਾਰਨ ਸੋ ਪ੍ਰਭੁ ਸਮਰਥੁ ॥
ਦ੍ਰਿੜੁ ਕਰਿ ਗਹਹੁ ਨਾਮੁ ਹਰਿ ਵਥੁ ॥
ਇਹੁ ਧਨੁ ਸੰਚਹੁ ਹੋਵਹੁ ਭਗਵੰਤ ॥
ਸੰਤ ਜਨਾ ਕਾ ਨਿਰਮਲ ਮੰਤ ॥

ਏਕ ਆਸ ਰਾਖਹੁ ਮਨ ਮਾਹਿ ॥
ਸਰਬ ਰੋਗ ਨਾਨਕ ਮਿਟਿ ਜਾਹਿ ॥੧॥
ਜਿਸੁ ਧਨ ਕਉ ਚਾਰਿ ਕੁੰਟ ਉਠਿ ਧਾਵਹਿ ॥
ਸੋ ਧਨੁ ਹਰਿ ਸੇਵਾ ਤੇ ਪਾਵਹਿ ॥
ਜਿਸੁ ਸੁਖ ਕਉ ਨਿਤ ਬਾਛਹਿ ਮੀਤ ॥
ਸੋ ਸੁਖੁ ਸਾਧੂ ਸੰਗਿ ਪਰੀਤਿ ॥
ਜਿਸੁ ਸੋਭਾ ਕਉ ਕਰਹਿ ਭਲੀ ਕਰਨੀ ॥
ਸਾ ਸੋਭਾ ਭਜੁ ਹਰਿ ਕੀ ਸਰਨੀ ॥
ਅਨਿਕ ਉਪਾਵੀ ਰੋਗੁ ਨ ਜਾਇ ॥
ਰੋਗੁ ਮਿਟੈ ਹਰਿ ਅਵਖਧੁ ਲਾਇ ॥
ਸਰਬ ਨਿਧਾਨ ਮਹਿ ਹਰਿ ਨਾਮੁ ਨਿਧਾਨੁ ॥
ਜਪਿ ਨਾਨਕ ਦਰਗਹਿ ਪਰਵਾਨੁ ॥੨॥
ਮਨੁ ਪਰਬੋਧਹੁ ਹਰਿ ਕੈ ਨਾਇ ॥
ਦਹ ਦਿਸਿ ਧਾਵਤ ਆਵੈ ਠਾਇ ॥
ਤਾ ਕਉ ਬਿਘਨੁ ਨ ਲਾਗੈ ਕੋਇ ॥

ਜਾ ਕੈ ਰਿਦੈ ਬਸੈ ਹਰਿ ਸੋਇ ॥
ਕਲਿ ਤਾਤੀ ਠਾਂਢਾ ਹਰਿ ਨਾਉ ॥
ਸਿਮਰਿ ਸਿਮਰਿ ਸਦਾ ਸੁਖ ਪਾਉ ॥
ਭਉ ਬਿਨਸੈ ਪੂਰਨ ਹੋਇ ਆਸ ॥
ਭਗਤਿ ਭਾਇ ਆਤਮ ਪਰਗਾਸ ॥
ਤਿਤੁ ਘਰਿ ਜਾਇ ਬਸੈ ਅਬਿਨਾਸੀ ॥
ਕਹੁ ਨਾਨਕ ਕਾਟੀ ਜਮ ਫਾਸੀ ॥੩॥
ਤਤੁ ਬੀਚਾਰੁ ਕਹੈ ਜਨੁ ਸਾਚਾ ॥
ਜਨਮਿ ਮਰੈ ਸੋ ਕਾਚੋ ਕਾਚਾ ॥
ਆਵਾ ਗਵਨੁ ਮਿਟੈ ਪ੍ਰਭ ਸੇਵ ॥
ਆਪੁ ਤਿਆਗਿ ਸਰਨਿ ਗੁਰਦੇਵ ॥
ਇਉ ਰਤਨ ਜਨਮ ਕਾ ਹੋਇ ਉਧਾਰੁ ॥
ਹਰਿ ਹਰਿ ਸਿਮਰਿ ਪ੍ਰਾਨ ਆਧਾਰੁ ॥
ਅਨਿਕ ਉਪਾਵ ਨ ਛੂਟਨਹਾਰੇ ॥
ਸਿੰਮ੍ਰਿਤਿ ਸਾਸਤ ਬੇਦ ਬੀਚਾਰੇ ॥

ਹਰਿ ਕੀ ਭਗਤਿ ਕਰਹੁ ਮਨੁ ਲਾਇ ॥
ਮਨਿ ਬੰਛਤ ਨਾਨਕ ਫਲ ਪਾਇ ॥੪॥
ਸੰਗਿ ਨ ਚਾਲਸਿ ਤੇਰੈ ਧਨਾ ॥
ਤੂੰ ਕਿਆ ਲਪਟਾਵਹਿ ਮੂਰਖ ਮਨਾ ॥
ਸੂਤ ਮੀਤ ਕੁਟੰਬ ਅਰੁ ਬਨਿਤਾ ॥
ਇਨ ਤੇ ਕਹਹੁ ਤੁਮ ਕਵਨ ਸਨਾਥਾ ॥
ਰਾਜ ਰੰਗ ਮਾਇਆ ਬਿਸਥਾਰ ॥
ਇਨ ਤੇ ਕਹਹੁ ਕਵਨ ਛੁਟਕਾਰ ॥
ਅਸੁ ਹਸਤੀ ਰਥ ਅਸਵਾਰੀ ॥
ਝੂਠਾ ਡੰਫੁ ਝੂਠੁ ਪਾਸਾਰੀ ॥
ਜਿਨਿ ਦੀਏ ਤਿਸੁ ਬੁਝੈ ਨ ਬਿਗਾਨਾ ॥
ਨਾਮੁ ਬਿਸਾਰਿ ਨਾਨਕ ਪਛੁਤਾਨਾ ॥੫॥
ਗੁਰ ਕੀ ਮਤਿ ਤੂੰ ਲੇਹਿ ਇਆਨੇ ॥
ਭਗਤਿ ਬਿਨਾ ਬਹੁ ਡੂਬੇ ਸਿਆਨੇ ॥
ਹਰਿ ਕੀ ਭਗਤਿ ਕਰਹੁ ਮਨ ਮੀਤ ॥

ਨਿਰਮਲ ਹੋਇ ਤੁਮ੍ਾਰੋ ਚੀਤ ॥
ਚਰਨ ਕਮਲ ਰਾਖਹੁ ਮਨ ਮਾਹਿ ॥
ਜਨਮ ਜਨਮ ਕੇ ਕਿਲਬਿਖ ਜਾਹਿ ॥
ਆਪਿ ਜਪਹੁ ਅਵਰਾ ਨਾਮੁ ਜਪਾਵਹੁ ॥
ਸੁਨਤ ਕਹਤ ਰਹਤ ਗਤਿ ਪਾਵਹੁ ॥
ਸਾਰ ਭੂਤ ਸਤਿ ਹਰਿ ਕੋ ਨਾਉ ॥
ਸਹਜਿ ਸੁਭਾਇ ਨਾਨਕ ਗੁਨ ਗਾਉ ॥੬॥
ਗੁਨ ਗਾਵਤ ਤੇਰੀ ਉਤਰਸਿ ਮੈਲੁ ॥
ਬਿਨਸਿ ਜਾਇ ਹਉਮੈ ਬਿਖੁ ਫੈਲੁ ॥
ਹੋਹਿ ਅਚਿੰਤੁ ਬਸੈ ਸੁਖ ਨਾਲਿ ॥
ਸਾਸਿ ਗ੍ਰਾਸਿ ਹਰਿ ਨਾਮੁ ਸਮਾਲਿ ॥
ਛਾਡਿ ਸਿਆਨਪ ਸਗਲੀ ਮਨਾ ॥
ਸਾਧਸੰਗਿ ਪਾਵਹਿ ਸਚੁ ਧਨਾ ॥
ਹਰਿ ਪੂੰਜੀ ਸੰਚਿ ਕਰਹੁ ਬਿਉਹਾਰੁ ॥
ਈਹਾ ਸੁਖੁ ਦਰਗਹ ਜੈਕਾਰੁ ॥

ਸਰਬ ਨਿਰੰਤਰਿ ਏਕੋ ਦੇਖੁ ॥
ਕਹੁ ਨਾਨਕ ਜਾ ਕੈ ਮਸਤਕਿ ਲੇਖੁ ॥੭॥
ਏਕੋ ਜਪਿ ਏਕੋ ਸਾਲਾਹਿ ॥
ਏਕੁ ਸਿਮਰਿ ਏਕੋ ਮਨ ਆਹਿ ॥
ਏਕਸ ਕੇ ਗੁਨ ਗਾਉ ਅਨੰਤ ॥
ਮਨਿ ਤਨਿ ਜਾਪਿ ਏਕ ਭਗਵੰਤ ॥
ਏਕੋ ਏਕੁ ਏਕੁ ਹਰਿ ਆਪਿ ॥
ਪੂਰਨ ਪੂਰਿ ਰਹਿਓ ਪ੍ਰਭੁ ਬਿਆਪਿ ॥
ਅਨਿਕ ਬਿਸਥਾਰ ਏਕ ਤੇ ਭਏ ॥
ਏਕੁ ਅਰਾਧਿ ਪਰਾਛਤ ਗਏ ॥
ਮਨ ਤਨ ਅੰਤਰਿ ਏਕੁ ਪ੍ਰਭੁ ਰਾਤਾ ॥
ਗੁਰ ਪ੍ਰਸਾਦਿ ਨਾਨਕ ਇਕੁ ਜਾਤਾ
॥੮॥੧੯॥

ਸਲੋਕੁ ॥
ਫਿਰਤ ਫਿਰਤ ਪ੍ਰਭ ਆਇਆ
ਪਰਿਆ ਤਉ ਸਰਨਾਇ ॥
ਨਾਨਕ ਕੀ ਪ੍ਰਭ ਬੇਨਤੀ
ਅਪਨੀ ਭਗਤੀ ਲਾਇ ॥੧॥

ਅਸਟਪਦੀ ॥
ਜਾਚਕ ਜਨੁ ਜਾਚੈ ਪ੍ਰਭ ਦਾਨੁ ॥
ਕਰਿ ਕਿਰਪਾ ਦੇਵਹੁ ਹਰਿ ਨਾਮੁ ॥
ਸਾਧ ਜਨਾ ਕੀ ਮਾਗਉ ਧੂਰਿ ॥
ਪਾਰਬ੍ਰਹਮ ਮੇਰੀ ਸਰਧਾ ਪੂਰਿ ॥
ਸਦਾ ਸਦਾ ਪ੍ਰਭ ਕੇ ਗੁਨ ਗਾਵਉ ॥
ਸਾਸਿ ਸਾਸਿ ਪ੍ਰਭ ਤੁਮਹਿ ਧਿਆਵਉ ॥
ਚਰਨ ਕਮਲ ਸਿਉ ਲਾਗੈ ਪ੍ਰੀਤਿ ॥
ਭਗਤਿ ਕਰਉ ਪ੍ਰਭ ਕੀ ਨਿਤ ਨੀਤਿ ॥

ਏਕ ਓਟ ਏਕੋ ਆਧਾਰੁ ॥
ਨਾਨਕੁ ਮਾਗੈ ਨਾਮੁ ਪ੍ਰਭ ਸਾਰੁ ॥੧॥
ਪ੍ਰਭ ਕੀ ਦ੍ਰਿਸਟਿ ਮਹਾ ਸੁਖੁ ਹੋਇ ॥
ਹਰਿ ਰਸੁ ਪਾਵੈ ਬਿਰਲਾ ਕੋਇ ॥
ਜਿਨ ਚਾਖਿਆ ਸੇ ਜਨ ਤ੍ਰਿਪਤਾਨੇ ॥
ਪੂਰਨ ਪੁਰਖ ਨਹੀ ਡੋਲਾਨੇ ॥
ਸੁਭਰ ਭਰੇ ਪ੍ਰੇਮ ਰਸ ਰੰਗਿ ॥
ਉਪਜੈ ਚਾਉ ਸਾਧ ਕੈ ਸੰਗਿ ॥
ਪਰੇ ਸਰਨਿ ਆਨ ਸਭ ਤਿਆਗਿ ॥
ਅੰਤਰਿ ਪ੍ਰਗਾਸ ਅਨਦਿਨੁ ਲਿਵ ਲਾਗਿ ॥
ਬਡਭਾਗੀ ਜਪਿਆ ਪ੍ਰਭੁ ਸੋਇ ॥
ਨਾਨਕ ਨਾਮਿ ਰਤੇ ਸੁਖੁ ਹੋਇ ॥੨॥
ਸੇਵਕ ਕੀ ਮਨਸਾ ਪੂਰੀ ਭਈ ॥
ਸਤਿਗੁਰ ਤੇ ਨਿਰਮਲ ਮਤਿ ਲਈ ॥
ਜਨ ਕਉ ਪ੍ਰਭੁ ਹੋਇਓ ਦਇਆਲੁ ॥

ਸੇਵਕੁ ਕੀਨੋ ਸਦਾ ਨਿਹਾਲੁ ॥
ਬੰਧਨ ਕਾਟਿ ਮੁਕਤਿ ਜਨੁ ਭਇਆ ॥
ਜਨਮ ਮਰਨ ਦੂਖੁ ਭ੍ਰਮੁ ਗਇਆ ॥
ਇਛ ਪੁਨੀ ਸਰਧਾ ਸਭ ਪੂਰੀ ॥
ਰਵਿ ਰਹਿਆ ਸਦ ਸੰਗਿ ਹਜੂਰੀ ॥
ਜਿਸ ਕਾ ਸਾ ਤਿਨਿ ਲੀਆ ਮਿਲਾਇ ॥
ਨਾਨਕ ਭਗਤੀ ਨਾਮਿ ਸਮਾਇ ॥੩॥
ਸੋ ਕਿਉ ਬਿਸਰੈ ਜਿ ਘਾਲ ਨ ਭਾਨੈ ॥
ਸੋ ਕਿਉ ਬਿਸਰੈ ਜਿ ਕੀਆ ਜਾਨੈ ॥
ਸੋ ਕਿਉ ਬਿਸਰੈ ਜਿਨਿ ਸਭੁ ਕਿਛੁ ਦੀਆ ॥
ਸੋ ਕਿਉ ਬਿਸਰੈ ਜਿ ਜੀਵਨ ਜੀਆ ॥
ਸੋ ਕਿਉ ਬਿਸਰੈ ਜਿ ਅਗਨਿ ਮਹਿ ਰਾਖੈ ॥
ਗੁਰ ਪ੍ਰਸਾਦਿ ਕੋ ਬਿਰਲਾ ਲਾਖੈ ॥
ਸੋ ਕਿਉ ਬਿਸਰੈ ਜਿ ਬਿਖੁ ਤੇ ਕਾਢੈ ॥
ਜਨਮ ਜਨਮ ਕਾ ਟੂਟਾ ਗਾਢੈ ॥

ਗੁਰਿ ਪੂਰੈ ਤਤੁ ਇਹੈ ਬੁਝਾਇਆ ॥
ਪ੍ਰਭੁ ਅਪਨਾ ਨਾਨਕ ਜਨ ਧਿਆਇਆ ॥੪॥
ਸਾਜਨ ਸੰਤ ਕਰਹੁ ਇਹੁ ਕਾਮੁ ॥
ਆਨ ਤਿਆਗਿ ਜਪਹੁ ਹਰਿ ਨਾਮੁ ॥
ਸਿਮਰਿ ਸਿਮਰਿ ਸਿਮਰਿ ਸੁਖ ਪਾਵਹੁ ॥
ਆਪਿ ਜਪਹੁ ਅਵਰਹ ਨਾਮੁ ਜਪਾਵਹੁ ॥
ਭਗਤਿ ਭਾਇ ਤਰੀਐ ਸੰਸਾਰੁ ॥
ਬਿਨੁ ਭਗਤੀ ਤਨੁ ਹੋਸੀ ਛਾਰੁ ॥
ਸਰਬ ਕਲਿਆਣ ਸੂਖ ਨਿਧਿ ਨਾਮੁ ॥
ਬੂਡਤ ਜਾਤ ਪਾਏ ਬਿਸ੍ਰਾਮੁ ॥
ਸਗਲ ਦੂਖ ਕਾ ਹੋਵਤ ਨਾਸੁ ॥
ਨਾਨਕ ਨਾਮੁ ਜਪਹੁ ਗੁਨਤਾਸੁ ॥੫॥
ਉਪਜੀ ਪ੍ਰੀਤਿ ਪ੍ਰੇਮ ਰਸੁ ਚਾਉ ॥
ਮਨ ਤਨ ਅੰਤਰਿ ਇਹੀ ਸੁਆਉ ॥
ਨੇਤ੍ਰਹੁ ਪੇਖਿ ਦਰਸੁ ਸੁਖੁ ਹੋਇ ॥

ਮਨੁ ਬਿਗਸੈ ਸਾਧ ਚਰਨ ਧੋਇ ॥
ਭਗਤ ਜਨਾ ਕੈ ਮਨਿ ਤਨਿ ਰੰਗੁ ॥
ਬਿਰਲਾ ਕੋਊ ਪਾਵੈ ਸੰਗੁ ॥
ਏਕ ਬਸਤੁ ਦੀਜੈ ਕਰਿ ਮਇਆ ॥
ਗੁਰ ਪ੍ਰਸਾਦਿ ਨਾਮੁ ਜਪਿ ਲਇਆ ॥
ਤਾ ਕੀ ਉਪਮਾ ਕਹੀ ਨ ਜਾਇ ॥
ਨਾਨਕ ਰਹਿਆ ਸਰਬ ਸਮਾਇ ॥੬॥
ਪ੍ਰਭ ਬਖਸੰਦ ਦੀਨ ਦਇਆਲ ॥
ਭਗਤਿ ਵਛਲ ਸਦਾ ਕਿਰਪਾਲ ॥
ਅਨਾਥ ਨਾਥ ਗੋਬਿੰਦ ਗੁਪਾਲ ॥
ਸਰਬ ਘਟਾ ਕਰਤ ਪ੍ਰਤਿਪਾਲ ॥
ਆਦਿ ਪੁਰਖ ਕਾਰਣ ਕਰਤਾਰ ॥
ਭਗਤ ਜਨਾ ਕੇ ਪ੍ਰਾਨ ਅਧਾਰ ॥
ਜੋ ਜੋ ਜਪੈ ਸੁ ਹੋਇ ਪੁਨੀਤ ॥
ਭਗਤਿ ਭਾਇ ਲਾਵੈ ਮਨ ਹੀਤ ॥

ਹਮ ਨਿਰਗੁਨੀਆਰ ਨੀਚ ਅਜਾਨ ॥
ਨਾਨਕ ਤੁਮਰੀ ਸਰਨਿ ਪੁਰਖ ਭਗਵਾਨ ॥੭॥
ਸਰਬ ਬੈਕੁੰਠ ਮੁਕਤਿ ਮੋਖ ਪਾਏ ॥
ਏਕ ਨਿਮਖ ਹਰਿ ਕੇ ਗੁਨ ਗਾਏ ॥
ਅਨਿਕ ਰਾਜ ਭੋਗ ਬਡਿਆਈ ॥
ਹਰਿ ਕੇ ਨਾਮ ਕੀ ਕਥਾ ਮਨਿ ਭਾਈ ॥
ਬਹੁ ਭੋਜਨ ਕਾਪਰ ਸੰਗੀਤ ॥
ਰਸਨਾ ਜਪਤੀ ਹਰਿ ਹਰਿ ਨੀਤ ॥
ਭਲੀ ਸੁ ਕਰਨੀ ਸੋਭਾ ਧਨਵੰਤ ॥
ਹਿਰਦੈ ਬਸੇ ਪੂਰਨ ਗੁਰ ਮੰਤ ॥
ਸਾਧਸੰਗਿ ਪ੍ਰਭ ਦੇਹੁ ਨਿਵਾਸ ॥
ਸਰਬ ਸੂਖ ਨਾਨਕ ਪਰਗਾਸ ॥੮॥੨੦॥

ਸਲੋਕੁ ॥
ਸਰਗੁਨ ਨਿਰਗੁਨ ਨਿਰੰਕਾਰ
ਸੁੰਨ ਸਮਾਧੀ ਆਪਿ ॥
ਆਪਨ ਕੀਆ ਨਾਨਕਾ
ਆਪੇ ਹੀ ਫਿਰਿ ਜਾਪਿ ॥੧॥

ਅਸਟਪਦੀ ॥
ਜਬ ਅਕਾਰੁ ਇਹੁ ਕਛੁ ਨ ਦ੍ਰਿਸਟੇਤਾ ॥
ਪਾਪ ਪੁੰਨ ਤਬ ਕਹ ਤੇ ਹੋਤਾ ॥
ਜਬ ਧਾਰੀ ਆਪਨ ਸੁੰਨ ਸਮਾਧਿ ॥
ਤਬ ਬੈਰ ਬਿਰੋਧ ਕਿਸੁ ਸੰਗਿ ਕਮਾਤਿ ॥
ਜਬ ਇਸ ਕਾ ਬਰਨੁ ਚਿਹਨੁ ਨ ਜਾਪਤ ॥
ਤਬ ਹਰਖ ਸੋਗ ਕਹੁ ਕਿਸਹਿ ਬਿਆਪਤ ॥
ਜਬ ਆਪਨ ਆਪ ਆਪਿ ਪਾਰਬ੍ਰਹਮ ॥
ਤਬ ਮੋਹ ਕਹਾ ਕਿਸੁ ਹੋਵਤ ਭਰਮ ॥

ਆਪਨ ਖੇਲੁ ਆਪਿ ਵਰਤੀਜਾ ॥
ਨਾਨਕ ਕਰਨੈਹਾਰੁ ਨ ਦੂਜਾ ॥੧॥
ਜਬ ਹੋਵਤ ਪ੍ਰਭ ਕੇਵਲ ਧਨੀ ॥
ਤਬ ਬੰਧ ਮੁਕਤਿ ਕਹੁ ਕਿਸ ਕਉ ਗਨੀ ॥
ਜਬ ਏਕਹਿ ਹਰਿ ਅਗਮ ਅਪਾਰ ॥
ਤਬ ਨਰਕ ਸੁਰਗ ਕਹੁ ਕਉਨ ਅਉਤਾਰ ॥
ਜਬ ਨਿਰਗੁਨ ਪ੍ਰਭ ਸਹਜ ਸੁਭਾਇ ॥
ਤਬ ਸਿਵ ਸਕਤਿ ਕਹਹੁ ਕਿਤੁ ਠਾਇ ॥
ਜਬ ਆਪਹਿ ਆਪਿ ਅਪਨੀ ਜੋਤਿ ਧਰੈ ॥
ਤਬ ਕਵਨ ਨਿਡਰੁ ਕਵਨ ਕਤ ਡਰੈ ॥
ਆਪਨ ਚਲਿਤ ਆਪਿ ਕਰਨੈਹਾਰ ॥
ਨਾਨਕ ਠਾਕੁਰ ਅਗਮ ਅਪਾਰ ॥੨॥
ਅਬਿਨਾਸੀ ਸੁਖ ਆਪਨ ਆਸਨ ॥
ਤਹ ਜਨਮ ਮਰਨ ਕਹੁ ਕਹਾ ਬਿਨਾਸਨ ॥
ਜਬ ਪੂਰਨ ਕਰਤਾ ਪ੍ਰਭੁ ਸੋਇ ॥

ਤਬ ਜਮ ਕੀ ਤ੍ਰਾਸ ਕਹਹੁ ਕਿਸੁ ਹੋਇ ॥
ਜਬ ਅਬਿਗਤ ਅਗੋਚਰ ਪ੍ਰਭ ਏਕਾ ॥
ਤਬ ਚਿਤ੍ਰ ਗੁਪਤ ਕਿਸੁ ਪੂਛਤ ਲੇਖਾ ॥
ਜਬ ਨਾਥ ਨਿਰੰਜਨ ਅਗੋਚਰ ਅਗਾਧੇ ॥
ਤਬ ਕਉਨ ਛੁਟੇ ਕਉਨ ਬੰਧਨ ਬਾਧੇ ॥
ਆਪਨ ਆਪ ਆਪ ਹੀ ਅਚਰਜਾ ॥
ਨਾਨਕ ਆਪਨ ਰੂਪ ਆਪ ਹੀ ਉਪਰਜਾ ॥੩॥
ਜਹ ਨਿਰਮਲ ਪੁਰਖੁ ਪੁਰਖ ਪਤਿ ਹੋਤਾ ॥
ਤਹ ਬਿਨੁ ਮੈਲੁ ਕਹਹੁ ਕਿਆ ਧੋਤਾ ॥
ਜਹ ਨਿਰੰਜਨ ਨਿਰੰਕਾਰ ਨਿਰਬਾਨ ॥
ਤਹ ਕਉਨ ਕਉ ਮਾਨ ਕਉਨ ਅਭਿਮਾਨ ॥
ਜਹ ਸਰੂਪ ਕੇਵਲ ਜਗਦੀਸ ॥
ਤਹ ਛਲ ਛਿਦ੍ਰ ਲਗਤ ਕਹੁ ਕੀਸ ॥
ਜਹ ਜੋਤਿ ਸਰੂਪੀ ਜੋਤਿ ਸੰਗਿ ਸਮਾਵੈ ॥
ਤਹ ਕਿਸਹਿ ਭੂਖ ਕਵਨੁ ਤ੍ਰਿਪਤਾਵੈ ॥

ਕਰਨ ਕਰਾਵਨ ਕਰਨੈਹਾਰੁ ॥
ਨਾਨਕ ਕਰਤੇ ਕਾ ਨਾਹਿ ਸੁਮਾਰੁ ॥੪॥
ਜਬ ਅਪਨੀ ਸੋਭਾ ਆਪਨ ਸੰਗਿ ਬਨਾਈ ॥
ਤਬ ਕਵਨ ਮਾਇ ਬਾਪ ਮਿਤ੍ਰ ਸੁਤ ਭਾਈ ॥
ਜਹ ਸਰਬ ਕਲਾ ਆਪਹਿ ਪਰਬੀਨ ॥
ਤਹ ਬੇਦ ਕਤੇਬ ਕਹਾ ਕੋਊ ਚੀਨ ॥
ਜਬ ਆਪਨ ਆਪੁ ਆਪਿ ਉਰਿ ਧਾਰੈ ॥
ਤਉ ਸਗਨ ਅਪਸਗਨ ਕਹਾ ਬੀਚਾਰੈ ॥
ਜਹ ਆਪਨ ਊਚ ਆਪਨ ਆਪਿ ਨੇਰਾ ॥
ਤਹ ਕਉਨ ਠਾਕੁਰੁ ਕਉਨੁ ਕਹੀਐ ਚੇਰਾ ॥
ਬਿਸਮਨ ਬਿਸਮ ਰਹੇ ਬਿਸਮਾਦ ॥
ਨਾਨਕ ਅਪਨੀ ਗਤਿ ਜਾਨਹੁ ਆਪਿ ॥੫॥
ਜਹ ਅਛਲ ਅਛੇਦ ਅਭੇਦ ਸਮਾਇਆ ॥
ਊਹਾ ਕਿਸਹਿ ਬਿਆਪਤ ਮਾਇਆ ॥
ਆਪਸ ਕਉ ਆਪਹਿ ਆਦੇਸੁ ॥

ਤਿਹੁ ਗੁਣ ਕਾ ਨਾਹੀ ਪਰਵੇਸੁ ॥
ਜਹ ਏਕਹਿ ਏਕ ਏਕ ਭਗਵੰਤਾ ॥
ਤਹ ਕਉਨੁ ਅਚਿੰਤੁ ਕਿਸੁ ਲਾਗੈ ਚਿੰਤਾ ॥
ਜਹ ਆਪਨ ਆਪੁ ਆਪਿ ਪਤੀਆਰਾ ॥
ਤਹ ਕਉਨੁ ਕਥੈ ਕਉਨੁ ਸੁਨਨੈਹਾਰਾ ॥
ਬਹੁ ਬੇਅੰਤ ਊਚ ਤੇ ਊਚਾ ॥
ਨਾਨਕ ਆਪਸ ਕਉ ਆਪਹਿ ਪਹੂਚਾ ॥੬॥
ਜਹ ਆਪਿ ਰਚਿਓ ਪਰਪੰਚੁ ਅਕਾਰੁ ॥
ਤਿਹੁ ਗੁਣ ਮਹਿ ਕੀਨੋ ਬਿਸਥਾਰੁ ॥
ਪਾਪੁ ਪੁੰਨੁ ਤਹ ਭਈ ਕਹਾਵਤ ॥
ਕੋਊ ਨਰਕ ਕੋਊ ਸੁਰਗ ਬੰਛਾਵਤ ॥
ਆਲ ਜਾਲ ਮਾਇਆ ਜੰਜਾਲ ॥
ਹਉਮੈ ਮੋਹ ਭਰਮ ਭੈ ਭਾਰ ॥
ਦੂਖ ਸੂਖ ਮਾਨ ਅਪਮਾਨ ॥
ਅਨਿਕ ਪ੍ਰਕਾਰ ਕੀਓ ਬਖ੍ਯਾਨ ॥

ਆਪਨ ਖੇਲੁ ਆਪਿ ਕਰਿ ਦੇਖੈ ॥
ਖੇਲੁ ਸੰਕੋਚੈ ਤਉ ਨਾਨਕ ਏਕੈ ॥੭॥
ਜਹ ਅਬਿਗਤੁ ਭਗਤੁ ਤਹ ਆਪਿ ॥
ਜਹ ਪਸਰੈ ਪਾਸਾਰੁ ਸੰਤ ਪਰਤਾਪਿ ॥
ਦੂਹੂ ਪਾਖ ਕਾ ਆਪਹਿ ਧਨੀ ॥
ਉਨ ਕੀ ਸੋਭਾ ਉਨਹੂ ਬਨੀ ॥
ਆਪਹਿ ਕਉਤਕ ਕਰੈ ਅਨਦ ਚੋਜ ॥
ਆਪਹਿ ਰਸ ਭੋਗਨ ਨਿਰਜੋਗ ॥
ਜਿਸੁ ਭਾਵੈ ਤਿਸੁ ਆਪਨ ਨਾਇ ਲਾਵੈ ॥
ਜਿਸੁ ਭਾਵੈ ਤਿਸੁ ਖੇਲ ਖਿਲਾਵੈ ॥
ਬੇਸੁਮਾਰ ਅਥਾਹ ਅਗਨਤ ਅਤੋਲੈ ॥
ਜਿਉ ਬੁਲਾਵਹੁ ਤਿਉ ਨਾਨਕ ਦਾਸ ਬੋਲੈ
॥੮॥੨੧॥

ਸਲੋਕੁ ॥
ਜੀਅ ਜੰਤ ਕੇ ਠਾਕੁਰਾ
ਆਪੇ ਵਰਤਣਹਾਰ ॥
ਨਾਨਕ ਏਕੋ ਪਸਰਿਆ
ਦੂਜਾ ਕਹ ਦ੍ਰਿਸਟਾਰ ॥੧॥

ਅਸਟਪਦੀ ॥
ਆਪਿ ਕਥੈ ਆਪਿ ਸੁਨਨੈਹਾਰੁ ॥
ਆਪਹਿ ਏਕੁ ਆਪਿ ਬਿਸਥਾਰੁ ॥
ਜਾ ਤਿਸੁ ਭਾਵੈ ਤਾ ਸ੍ਰਿਸਟਿ ਉਪਾਏ ॥
ਆਪਨੈ ਭਾਣੈ ਲਏ ਸਮਾਏ ॥
ਤੁਮ ਤੇ ਭਿੰਨ ਨਹੀ ਕਿਛੁ ਹੋਇ ॥
ਆਪਨ ਸੂਤਿ ਸਭੁ ਜਗਤੁ ਪਰੋਇ ॥
ਜਾ ਕਉ ਪ੍ਰਭ ਜੀਉ ਆਪਿ ਬੁਝਾਏ ॥
ਸਚੁ ਨਾਮੁ ਸੋਈ ਜਨੁ ਪਾਏ ॥

ਸੋ ਸਮਦਰਸੀ ਤਤ ਕਾ ਬੇਤਾ ॥
ਨਾਨਕ ਸਗਲ ਸ੍ਰਿਸਟਿ ਕਾ ਜੇਤਾ ॥੧॥
ਜੀਅ ਜੰਤ੍ਰ ਸਭ ਤਾ ਕੈ ਹਾਥ ॥
ਦੀਨ ਦਇਆਲ ਅਨਾਥ ਕੋ ਨਾਥੁ ॥
ਜਿਸੁ ਰਾਖੈ ਤਿਸੁ ਕੋਇ ਨ ਮਾਰੈ ॥
ਸੋ ਮੂਆ ਜਿਸੁ ਮਨਹੁ ਬਿਸਾਰੈ ॥
ਤਿਸੁ ਤਜਿ ਅਵਰ ਕਹਾ ਕੋ ਜਾਇ ॥
ਸਭ ਸਿਰਿ ਏਕੁ ਨਿਰੰਜਨ ਰਾਇ ॥
ਜੀਅ ਕੀ ਜੁਗਤਿ ਜਾ ਕੈ ਸਭ ਹਾਥਿ ॥
ਅੰਤਰਿ ਬਾਹਰਿ ਜਾਨਹੁ ਸਾਥਿ ॥
ਗੁਨ ਨਿਧਾਨ ਬੇਅੰਤ ਅਪਾਰ ॥
ਨਾਨਕ ਦਾਸ ਸਦਾ ਬਲਿਹਾਰ ॥੨॥
ਪੂਰਨ ਪੂਰਿ ਰਹੇ ਦਇਆਲ ॥
ਸਭ ਊਪਰਿ ਹੋਵਤ ਕਿਰਪਾਲ ॥
ਅਪਨੇ ਕਰਤਬ ਜਾਨੈ ਆਪਿ ॥

ਅੰਤਰਜਾਮੀ ਰਹਿਓ ਬਿਆਪਿ ॥
ਪ੍ਰਤਿਪਾਲੈ ਜੀਅਨ ਬਹੁ ਭਾਤਿ ॥
ਜੋ ਜੋ ਰਚਿਓ ਸੁ ਤਿਸਹਿ ਧਿਆਤਿ ॥
ਜਿਸੁ ਭਾਵੈ ਤਿਸੁ ਲਏ ਮਿਲਾਇ ॥
ਭਗਤਿ ਕਰਹਿ ਹਰਿ ਕੇ ਗੁਣ ਗਾਇ ॥
ਮਨ ਅੰਤਰਿ ਬਿਸ੍ਵਾਸੁ ਕਰਿ ਮਾਨਿਆ ॥
ਕਰਨਹਾਰੁ ਨਾਨਕ ਇਕੁ ਜਾਨਿਆ ॥੩॥
ਜਨੁ ਲਾਗਾ ਹਰਿ ਏਕੈ ਨਾਇ ॥
ਤਿਸ ਕੀ ਆਸ ਨ ਬਿਰਥੀ ਜਾਇ ॥
ਸੇਵਕ ਕਉ ਸੇਵਾ ਬਨਿ ਆਈ ॥
ਹੁਕਮੁ ਬੂਝਿ ਪਰਮ ਪਦੁ ਪਾਈ ॥
ਇਸ ਤੇ ਊਪਰਿ ਨਹੀ ਬੀਚਾਰੁ ॥
ਜਾ ਕੈ ਮਨਿ ਬਸਿਆ ਨਿਰੰਕਾਰੁ ॥
ਬੰਧਨ ਤੋਰਿ ਭਏ ਨਿਰਵੈਰ ॥
ਅਨਦਿਨੁ ਪੂਜਹਿ ਗੁਰ ਕੇ ਪੈਰ ॥

ਇਹ ਲੋਕ ਸੁਖੀਏ ਪਰਲੋਕ ਸੁਹੇਲੇ ॥
ਨਾਨਕ ਹਰਿ ਪ੍ਰਭਿ ਆਪਹਿ ਮੇਲੇ ॥੪॥
ਸਾਧਸੰਗਿ ਮਿਲਿ ਕਰਹੁ ਅਨੰਦ ॥
ਗੁਨ ਗਾਵਹੁ ਪ੍ਰਭ ਪਰਮਾਨੰਦ ॥
ਰਾਮ ਨਾਮ ਤਤੁ ਕਰਹੁ ਬੀਚਾਰੁ ॥
ਦ੍ਰੁਲਭ ਦੇਹ ਕਾ ਕਰਹੁ ਉਧਾਰੁ ॥
ਅੰਮ੍ਰਿਤ ਬਚਨ ਹਰਿ ਕੇ ਗੁਨ ਗਾਉ ॥
ਪ੍ਰਾਨ ਤਰਨ ਕਾ ਇਹੈ ਸੁਆਉ ॥
ਆਠ ਪਹਰ ਪ੍ਰਭ ਪੇਖਹੁ ਨੇਰਾ ॥
ਮਿਟੈ ਅਗਿਆਨੁ ਬਿਨਸੈ ਅੰਧੇਰਾ ॥
ਸੁਨਿ ਉਪਦੇਸੁ ਹਿਰਦੈ ਬਸਾਵਹੁ ॥
ਮਨ ਇਛੇ ਨਾਨਕ ਫਲ ਪਾਵਹੁ ॥੫॥
ਹਲਤੁ ਪਲਤੁ ਦੁਇ ਲੇਹੁ ਸਵਾਰਿ ॥
ਰਾਮ ਨਾਮੁ ਅੰਤਰਿ ਉਰਿ ਧਾਰਿ ॥
ਪੂਰੇ ਗੁਰ ਕੀ ਪੂਰੀ ਦੀਖਿਆ ॥

ਜਿਸੁ ਮਨਿ ਬਸੈ ਤਿਸੁ ਸਾਚੁ ਪਰੀਖਿਆ ॥
ਮਨਿ ਤਨਿ ਨਾਮੁ ਜਪਹੁ ਲਿਵ ਲਾਇ ॥
ਦੂਖੁ ਦਰਦੁ ਮਨ ਤੇ ਭਉ ਜਾਇ ॥
ਸਚੁ ਵਾਪਾਰੁ ਕਰਹੁ ਵਾਪਾਰੀ ॥
ਦਰਗਹ ਨਿਬਹੈ ਖੇਪ ਤੁਮਾਰੀ ॥
ਏਕਾ ਟੇਕ ਰਖਹੁ ਮਨ ਮਾਹਿ ॥
ਨਾਨਕ ਬਹੁਰਿ ਨ ਆਵਹਿ ਜਾਹਿ ॥੬॥
ਤਿਸ ਤੇ ਦੂਰਿ ਕਹਾ ਕੋ ਜਾਇ ॥
ਉਬਰੈ ਰਾਖਨਹਾਰੁ ਧਿਆਇ ॥
ਨਿਰਭਉ ਜਪੈ ਸਗਲ ਭਉ ਮਿਟੈ ॥
ਪ੍ਰਭ ਕਿਰਪਾ ਤੇ ਪ੍ਰਾਣੀ ਛੁਟੈ ॥
ਜਿਸੁ ਪ੍ਰਭੁ ਰਾਖੈ ਤਿਸੁ ਨਾਹੀ ਦੂਖ ॥
ਨਾਮੁ ਜਪਤ ਮਨਿ ਹੋਵਤ ਸੂਖ ॥
ਚਿੰਤਾ ਜਾਇ ਮਿਟੈ ਅਹੰਕਾਰੁ ॥
ਤਿਸੁ ਜਨ ਕਉ ਕੋਇ ਨ ਪਹੁਚਨਹਾਰੁ ॥

ਸਿਰ ਊਪਰਿ ਠਾਢਾ ਗੁਰੁ ਸੂਰਾ ॥
ਨਾਨਕ ਤਾ ਕੇ ਕਾਰਜ ਪੂਰਾ ॥੭॥
ਮਤਿ ਪੂਰੀ ਅੰਮ੍ਰਿਤੁ ਜਾ ਕੀ ਦ੍ਰਿਸਟਿ ॥
ਦਰਸਨੁ ਪੇਖਤ ਉਧਰਤ ਸ੍ਰਿਸਟਿ ॥
ਚਰਨ ਕਮਲ ਜਾ ਕੇ ਅਨੂਪ ॥
ਸਫਲ ਦਰਸਨੁ ਸੁੰਦਰ ਹਰਿ ਰੂਪ ॥
ਧੰਨੁ ਸੇਵਾ ਸੇਵਕੁ ਪਰਵਾਨੁ ॥
ਅੰਤਰਜਾਮੀ ਪੁਰਖੁ ਪ੍ਰਧਾਨੁ ॥
ਜਿਸੁ ਮਨਿ ਬਸੈ ਸੁ ਹੋਤ ਨਿਹਾਲੁ ॥
ਤਾ ਕੈ ਨਿਕਟਿ ਨ ਆਵਤ ਕਾਲੁ ॥
ਅਮਰ ਭਏ ਅਮਰਾ ਪਦੁ ਪਾਇਆ ॥
ਸਾਧਸੰਗਿ ਨਾਨਕ ਹਰਿ ਧਿਆਇਆ
॥੮॥੨੨॥

ਸਲੋਕੁ ॥

ਗਿਆਨ ਅੰਜਨੁ ਗੁਰਿ ਦੀਆ
ਅਗਿਆਨ ਅੰਧੇਰ ਬਿਨਾਸੁ ॥
ਹਰਿ ਕਿਰਪਾ ਤੇ ਸੰਤ ਭੇਟਿਆ
ਨਾਨਕ ਮਨਿ ਪਰਗਾਸੁ ॥੧॥

ਅਸਟਪਦੀ ॥

ਸੰਤਸੰਗਿ ਅੰਤਰਿ ਪ੍ਰਭੁ ਡੀਠਾ ॥
ਨਾਮੁ ਪ੍ਰਭੂ ਕਾ ਲਾਗਾ ਮੀਠਾ ॥
ਸਗਲ ਸਮਿਗ੍ਰੀ ਏਕਸੁ ਘਟ ਮਾਹਿ ॥
ਅਨਿਕ ਰੰਗ ਨਾਨਾ ਦ੍ਰਿਸਟਾਹਿ ॥
ਨਉ ਨਿਧਿ ਅੰਮ੍ਰਿਤੁ ਪ੍ਰਭ ਕਾ ਨਾਮੁ ॥
ਦੇਹੀ ਮਹਿ ਇਸ ਕਾ ਬਿਸ੍ਰਾਮੁ ॥
ਸੁੰਨ ਸਮਾਧਿ ਅਨਹਤ ਤਹ ਨਾਦ ॥
ਕਹਨੁ ਨ ਜਾਈ ਅਚਰਜ ਬਿਸਮਾਦ ॥

ਤਿਨਿ ਦੇਖਿਆ ਜਿਸੁ ਆਪਿ ਦਿਖਾਏ ॥
ਨਾਨਕ ਤਿਸੁ ਜਨ ਸੋਝੀ ਪਾਏ ॥੧॥
ਸੋ ਅੰਤਰਿ ਸੋ ਬਾਹਰਿ ਅਨੰਤ ॥
ਘਟਿ ਘਟਿ ਬਿਆਪਿ ਰਹਿਆ ਭਗਵੰਤ ॥
ਧਰਨਿ ਮਾਹਿ ਆਕਾਸ ਪਇਆਲ ॥
ਸਰਬ ਲੋਕ ਪੂਰਨ ਪ੍ਰਤਿਪਾਲ ॥
ਬਨਿ ਤਿਨਿ ਪਰਬਤਿ ਹੈ ਪਾਰਬ੍ਰਹਮੁ ॥
ਜੈਸੀ ਆਗਿਆ ਤੈਸਾ ਕਰਮੁ ॥
ਪਉਣ ਪਾਣੀ ਬੈਸੰਤਰ ਮਾਹਿ ॥
ਚਾਰਿ ਕੁੰਟ ਦਹ ਦਿਸੇ ਸਮਾਹਿ ॥
ਤਿਸ ਤੇ ਭਿੰਨ ਨਹੀ ਕੋ ਠਾਉ ॥
ਗੁਰ ਪ੍ਰਸਾਦਿ ਨਾਨਕ ਸੁਖੁ ਪਾਉ ॥੨॥
ਬੇਦ ਪੁਰਾਨ ਸਿੰਮ੍ਰਿਤਿ ਮਹਿ ਦੇਖੁ ॥
ਸਸੀਅਰ ਸੂਰ ਨਖ੍ਯ੍ਯਤ੍ਰ ਮਹਿ ਏਕੁ ॥
ਬਾਣੀ ਪ੍ਰਭ ਕੀ ਸਭੁ ਕੋ ਬੋਲੈ ॥

ਆਪਿ ਅਡੋਲੁ ਨ ਕਬਹੂ ਡੋਲੈ ॥
ਸਰਬ ਕਲਾ ਕਰਿ ਖੇਲੈ ਖੇਲ ॥
ਮੋਲਿ ਨ ਪਾਈਐ ਗੁਣਹ ਅਮੋਲ ॥
ਸਰਬ ਜੋਤਿ ਮਹਿ ਜਾ ਕੀ ਜੋਤਿ ॥
ਧਾਰਿ ਰਹਿਓ ਸੁਆਮੀ ਓਤਿ ਪੋਤਿ ॥
ਗੁਰ ਪਰਸਾਦਿ ਭਰਮ ਕਾ ਨਾਸੁ ॥
ਨਾਨਕ ਤਿਨ ਮਹਿ ਏਹੁ ਬਿਸਾਸੁ ॥੩॥
ਸੰਤ ਜਨਾ ਕਾ ਪੇਖਨੁ ਸਭੁ ਬ੍ਰਹਮ ॥
ਸੰਤ ਜਨਾ ਕੈ ਹਿਰਦੈ ਸਭਿ ਧਰਮ ॥
ਸੰਤ ਜਨਾ ਸੁਨਹਿ ਸੁਭ ਬਚਨ ॥
ਸਰਬ ਬਿਆਪੀ ਰਾਮ ਸੰਗਿ ਰਚਨ ॥
ਜਿਨਿ ਜਾਤਾ ਤਿਸ ਕੀ ਇਹ ਰਹਤ ॥
ਸਤਿ ਬਚਨ ਸਾਧੂ ਸਭਿ ਕਹਤ ॥
ਜੋ ਜੋ ਹੋਇ ਸੋਈ ਸੁਖੁ ਮਾਨੈ ॥
ਕਰਨ ਕਰਾਵਨਹਾਰੁ ਪ੍ਰਭੁ ਜਾਨੈ ॥

ਅੰਤਰਿ ਬਸੇ ਬਾਹਰਿ ਭੀ ਓਹੀ ॥
ਨਾਨਕ ਦਰਸਨੁ ਦੇਖਿ ਸਭ ਮੋਹੀ ॥੪॥
ਆਪਿ ਸਤਿ ਕੀਆ ਸਭੁ ਸਤਿ ॥
ਤਿਸੁ ਪ੍ਰਭ ਤੇ ਸਗਲੀ ਉਤਪਤਿ ॥
ਤਿਸੁ ਭਾਵੈ ਤਾ ਕਰੇ ਬਿਸਥਾਰੁ ॥
ਤਿਸੁ ਭਾਵੈ ਤਾ ਏਕੰਕਾਰੁ ॥
ਅਨਿਕ ਕਲਾ ਲਖੀ ਨਹ ਜਾਇ ॥
ਜਿਸੁ ਭਾਵੈ ਤਿਸੁ ਲਏ ਮਿਲਾਇ ॥
ਕਵਨ ਨਿਕਟਿ ਕਵਨ ਕਹੀਐ ਦੂਰਿ ॥
ਆਪੇ ਆਪਿ ਆਪ ਭਰਪੂਰਿ ॥
ਅੰਤਰਗਤਿ ਜਿਸੁ ਆਪਿ ਜਨਾਏ ॥
ਨਾਨਕ ਤਿਸੁ ਜਨ ਆਪਿ ਬੁਝਾਏ ॥੫॥
ਸਰਬ ਭੂਤ ਆਪਿ ਵਰਤਾਰਾ ॥
ਸਰਬ ਨੈਨ ਆਪਿ ਪੇਖਨਹਾਰਾ ॥
ਸਗਲ ਸਮਗ੍ਰੀ ਜਾ ਕਾ ਤਨਾ ॥

ਆਪਨ ਜਸੁ ਆਪ ਹੀ ਸੁਨਾ ॥
ਆਵਨ ਜਾਨੁ ਇਕੁ ਖੇਲੁ ਬਨਾਇਆ ॥
ਆਗਿਆਕਾਰੀ ਕੀਨੀ ਮਾਇਆ ॥
ਸਭ ਕੈ ਮਧਿ ਅਲਿਪਤੋ ਰਹੈ ॥
ਜੋ ਕਿਛੁ ਕਹਣਾ ਸੁ ਆਪੇ ਕਹੈ ॥
ਆਗਿਆ ਆਵੈ ਆਗਿਆ ਜਾਇ ॥
ਨਾਨਕ ਜਾ ਭਾਵੈ ਤਾ ਲਏ ਸਮਾਇ ॥੬॥
ਇਸ ਤੇ ਹੋਇ ਸੁ ਨਾਹੀ ਬੁਰਾ ॥
ਓਰੈ ਕਹਹੁ ਕਿਨੈ ਕਛੁ ਕਰਾ ॥
ਆਪਿ ਭਲਾ ਕਰਤੂਤਿ ਅਤਿ ਨੀਕੀ ॥
ਆਪੇ ਜਾਨੈ ਅਪਨੇ ਜੀ ਕੀ ॥
ਆਪਿ ਸਾਚੁ ਧਾਰੀ ਸਭ ਸਾਚੁ ॥
ਓਤਿ ਪੋਤਿ ਆਪਨ ਸੰਗਿ ਰਾਚੁ ॥
ਤਾ ਕੀ ਗਤਿ ਮਿਤਿ ਕਹੀ ਨ ਜਾਇ ॥
ਦੂਸਰ ਹੋਇ ਤ ਸੋਝੀ ਪਾਇ ॥

ਤਿਸ ਕਾ ਕੀਆ ਸਭੁ ਪਰਵਾਨੁ ॥
ਗੁਰ ਪ੍ਰਸਾਦਿ ਨਾਨਕ ਇਹੁ ਜਾਨੁ ॥੭॥
ਜੋ ਜਾਨੈ ਤਿਸੁ ਸਦਾ ਸੁਖੁ ਹੋਇ ॥
ਆਪਿ ਮਿਲਾਇ ਲਏ ਪ੍ਰਭੁ ਸੋਇ ॥
ਓਹੁ ਧਨਵੰਤੁ ਕੁਲਵੰਤੁ ਪਤਿਵੰਤੁ ॥
ਜੀਵਨ ਮੁਕਤਿ ਜਿਸੁ ਰਿਦੈ ਭਗਵੰਤੁ ॥
ਧੰਨੁ ਧੰਨੁ ਧੰਨੁ ਜਨੁ ਆਇਆ ॥
ਜਿਸੁ ਪ੍ਰਸਾਦਿ ਸਭੁ ਜਗਤੁ ਤਰਾਇਆ ॥
ਜਨ ਆਵਨ ਕਾ ਇਹੈ ਸੁਆਉ ॥
ਜਨ ਕੈ ਸੰਗਿ ਚਿਤਿ ਆਵੈ ਨਾਉ ॥
ਆਪਿ ਮੁਕਤੁ ਮੁਕਤੁ ਕਰੈ ਸੰਸਾਰੁ ॥
ਨਾਨਕ ਤਿਸੁ ਜਨ ਕਉ ਸਦਾ ਨਮਸਕਾਰੁ
॥੮॥੨੩॥

ਸਲੋਕੁ ॥

ਪੂਰਾ ਪ੍ਰਭੁ ਆਰਾਧਿਆ

ਪੂਰਾ ਜਾ ਕਾ ਨਾਉ ॥

ਨਾਨਕ ਪੂਰਾ ਪਾਇਆ

ਪੂਰੇ ਕੇ ਗੁਨ ਗਾਉ ॥੧॥

ਅਸਟਪਦੀ ॥

ਪੂਰੇ ਗੁਰ ਕਾ ਸੁਨਿ ਉਪਦੇਸੁ ॥

ਪਾਰਬ੍ਰਹਮੁ ਨਿਕਟਿ ਕਰਿ ਪੇਖੁ ॥

ਸਾਸਿ ਸਾਸਿ ਸਿਮਰਹੁ ਗੋਬਿੰਦ ॥

ਮਨ ਅੰਤਰ ਕੀ ਉਤਰੈ ਚਿੰਦ ॥

ਆਸ ਅਨਿਤ ਤਿਆਗਹੁ ਤਰੰਗ ॥

ਸੰਤ ਜਨਾ ਕੀ ਧੂਰਿ ਮਨ ਮੰਗ ॥

ਆਪੁ ਛੋਡਿ ਬੇਨਤੀ ਕਰਹੁ ॥

ਸਾਧਸੰਗਿ ਅਗਨਿ ਸਾਗਰੁ ਤਰਹੁ ॥

ਹਰਿ ਧਨ ਕੇ ਭਰਿ ਲੇਹੁ ਭੰਡਾਰ ॥
ਨਾਨਕ ਗੁਰ ਪੂਰੇ ਨਮਸਕਾਰ ॥੧॥
ਖੇਮ ਕੁਸਲ ਸਹਜ ਆਨੰਦ ॥
ਸਾਧਸੰਗਿ ਭਜੁ ਪਰਮਾਨੰਦ ॥
ਨਰਕ ਨਿਵਾਰਿ ਉਧਾਰਹੁ ਜੀਉ ॥
ਗੁਨ ਗੋਬਿੰਦ ਅੰਮ੍ਰਿਤ ਰਸੁ ਪੀਉ ॥
ਚਿਤਿ ਚਿਤਵਹੁ ਨਾਰਾਇਣ ਏਕ ॥
ਏਕ ਰੂਪ ਜਾ ਕੇ ਰੰਗ ਅਨੇਕ ॥
ਗੋਪਾਲ ਦਾਮੋਦਰ ਦੀਨ ਦਇਆਲ ॥
ਦੁਖ ਭੰਜਨ ਪੂਰਨ ਕਿਰਪਾਲ ॥
ਸਿਮਰਿ ਸਿਮਰਿ ਨਾਮੁ ਬਾਰੰ ਬਾਰ ॥
ਨਾਨਕ ਜੀਅ ਕਾ ਇਹੈ ਅਧਾਰ ॥੨॥
ਉਤਮ ਸਲੋਕ ਸਾਧ ਕੇ ਬਚਨ ॥
ਅਮੁਲੀਕ ਲਾਲ ਏਹਿ ਰਤਨ ॥
ਸੁਨਤ ਕਮਾਵਤ ਹੋਤ ਉਧਾਰ ॥

ਆਪਿ ਤਰੈ ਲੋਕਹ ਨਿਸਤਾਰ ॥
ਸਫਲ ਜੀਵਨੁ ਸਫਲੁ ਤਾ ਕਾ ਸੰਗੁ ॥
ਜਾ ਕੈ ਮਨਿ ਲਾਗਾ ਹਰਿ ਰੰਗੁ ॥
ਜੈ ਜੈ ਸਬਦੁ ਅਨਾਹਦੁ ਵਾਜੈ ॥
ਸੁਨਿ ਸੁਨਿ ਅਨਦ ਕਰੇ ਪ੍ਰਭੁ ਗਾਜੈ ॥
ਪ੍ਰਗਟੇ ਗੁਪਾਲ ਮਹਾਂਤ ਕੈ ਮਾਥੇ ॥
ਨਾਨਕ ਉਧਰੇ ਤਿਨ ਕੈ ਸਾਥੇ ॥੩॥
ਸਰਨਿ ਜੋਗੁ ਸੁਨਿ ਸਰਨੀ ਆਏ ॥
ਕਰਿ ਕਿਰਪਾ ਪ੍ਰਭ ਆਪ ਮਿਲਾਏ ॥
ਮਿਟਿ ਗਏ ਬੈਰ ਭਏ ਸਭ ਰੇਨ ॥
ਅੰਮ੍ਰਿਤ ਨਾਮੁ ਸਾਧਸੰਗਿ ਲੈਨ ॥
ਸੁਪ੍ਰਸੰਨ ਭਏ ਗੁਰਦੇਵ ॥
ਪੂਰਨ ਹੋਈ ਸੇਵਕ ਕੀ ਸੇਵ ॥
ਆਲ ਜੰਜਾਲ ਬਿਕਾਰ ਤੇ ਰਹਤੇ ॥
ਰਾਮ ਨਾਮ ਸੁਨਿ ਰਸਨਾ ਕਹਤੇ ॥

ਕਰਿ ਪ੍ਰਸਾਦੁ ਦਇਆ ਪ੍ਰਭਿ ਧਾਰੀ ॥
ਨਾਨਕ ਨਿਬਹੀ ਖੇਪ ਹਮਾਰੀ ॥੪॥
ਪ੍ਰਭ ਕੀ ਉਸਤਤਿ ਕਰਹੁ ਸੰਤ ਮੀਤ ॥
ਸਾਵਧਾਨ ਏਕਾਗਰ ਚੀਤ ॥
ਸੁਖਮਨੀ ਸਹਜ ਗੋਬਿੰਦ ਗੁਨ ਨਾਮ ॥
ਜਿਸੁ ਮਨਿ ਬਸੈ ਸੁ ਹੋਤ ਨਿਧਾਨ ॥
ਸਰਬ ਇਛਾ ਤਾ ਕੀ ਪੂਰਨ ਹੋਇ ॥
ਪ੍ਰਧਾਨ ਪੁਰਖੁ ਪ੍ਰਗਟੁ ਸਭ ਲੋਇ ॥
ਸਭ ਤੇ ਊਚ ਪਾਏ ਅਸਥਾਨੁ ॥
ਬਹੁਰਿ ਨ ਹੋਵੈ ਆਵਨ ਜਾਨੁ ॥
ਹਰਿ ਧਨੁ ਖਾਟਿ ਚਲੈ ਜਨੁ ਸੋਇ ॥
ਨਾਨਕ ਜਿਸਹਿ ਪਰਾਪਤਿ ਹੋਇ ॥੫॥
ਖੇਮ ਸਾਂਤਿ ਰਿਧਿ ਨਵ ਨਿਧਿ ॥
ਬੁਧਿ ਗਿਆਨੁ ਸਰਬ ਤਹ ਸਿਧਿ ॥
ਬਿਦਿਆ ਤਪੁ ਜੋਗੁ ਪ੍ਰਭ ਧਿਆਨੁ ॥

ਗਿਆਨੁ ਸ੍ਰੇਸਟ ਊਤਮ ਇਸਨਾਨੁ ॥
ਚਾਰਿ ਪਦਾਰਥ ਕਮਲ ਪ੍ਰਗਾਸ ॥
ਸਭ ਕੈ ਮਧਿ ਸਗਲ ਤੇ ਉਦਾਸ ॥
ਸੁੰਦਰੁ ਚਤੁਰੁ ਤਤ ਕਾ ਬੇਤਾ ॥
ਸਮਦਰਸੀ ਏਕ ਦ੍ਰਿਸਟੇਤਾ ॥
ਇਹ ਫਲ ਤਿਸੁ ਜਨ ਕੈ ਮੁਖਿ ਭਨੇ ॥
ਗੁਰ ਨਾਨਕ ਨਾਮ ਬਚਨ ਮਨਿ ਸੁਨੇ ॥੬॥
ਇਹੁ ਨਿਧਾਨੁ ਜਪੈ ਮਨਿ ਕੋਇ ॥
ਸਭ ਜੁਗ ਮਹਿ ਤਾ ਕੀ ਗਤਿ ਹੋਇ ॥
ਗੁਣ ਗੋਬਿੰਦ ਨਾਮ ਧੁਨਿ ਬਾਣੀ ॥
ਸਿਮ੍ਰਿਤਿ ਸਾਸਤ੍ਰ ਬੇਦ ਬਖਾਣੀ ॥
ਸਗਲ ਮਤਾਂਤ ਕੇਵਲ ਹਰਿ ਨਾਮ ॥
ਗੋਬਿੰਦ ਭਗਤ ਕੈ ਮਨਿ ਬਿਸ੍ਰਾਮ ॥
ਕੋਟਿ ਅਪ੍ਰਾਧ ਸਾਧਸੰਗਿ ਮਿਟੈ ॥
ਸੰਤ ਕ੍ਰਿਪਾ ਤੇ ਜਮ ਤੇ ਛੁਟੈ ॥

ਜਾ ਕੈ ਮਸਤਕਿ ਕਰਮ ਪ੍ਰਭਿ ਪਾਏ ॥
ਸਾਧ ਸਰਣਿ ਨਾਨਕ ਤੇ ਆਏ ॥੭॥
ਜਿਸੁ ਮਨਿ ਬਸੈ ਸੁਨੈ ਲਾਇ ਪ੍ਰੀਤਿ ॥
ਤਿਸੁ ਜਨ ਆਵੈ ਹਰਿ ਪ੍ਰਭੁ ਚੀਤਿ ॥
ਜਨਮ ਮਰਨ ਤਾ ਕਾ ਦੂਖੁ ਨਿਵਾਰੈ ॥
ਦੁਲਭ ਦੇਹ ਤਤਕਾਲ ਉਧਾਰੈ ॥
ਨਿਰਮਲ ਸੋਭਾ ਅੰਮ੍ਰਿਤ ਤਾ ਕੀ ਬਾਨੀ ॥
ਏਕੁ ਨਾਮੁ ਮਨ ਮਾਹਿ ਸਮਾਨੀ ॥
ਦੂਖ ਰੋਗ ਬਿਨਸੇ ਭੈ ਭਰਮ ॥
ਸਾਧ ਨਾਮ ਨਿਰਮਲ ਤਾ ਕੇ ਕਰਮ ॥
ਸਭ ਤੇ ਊਚ ਤਾ ਕੀ ਸੋਭਾ ਬਨੀ ॥
ਨਾਨਕ ਇਹ ਗੁਣਿ ਨਾਮੁ ਸੁਖਮਨੀ
॥੮॥੨੪॥